
People's Herald

Rs- 100/month

People's Herald



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=61037521061610

"Equality and Justice"

स्वतंत्रता, समानता, भाईचारा

PATIALA | On line paper | 09 ਅਗਸਤ 2025 ਸ਼ਨਿੱਚਰਵਾਰ "ਰੋਜ਼ਾਨਾ" ਸਾਲ ਚੌਥਾ | w.e.f. 15 August 2022 | ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay91-9463601616 HARDIP SINGH STATE BANK OF INDIA ACCT NO-10566643658 . IFSC- SBIN0050773

## ਚੋਣ ਕਮਿਸ਼ਨ ਇਲੈਕਟ੍ਰਾਨਿਕ ਡੇਟਾ ਦੇਵੇ, ਸਾਬਤ ਕਰ ਦੇਵਾਂਗੇ ਕਿ ਮੋਦੀ 'ਵੋਟ ਚੋਰੀ' ਕਰਕੇ ਪ੍ਰਧਾਨ ਮੰਤਰੀ ਬਣੇ: ਰਾਹੁਲ

### ਸਾਬਕਾ ਕਾਂਗਰਸ ਪ੍ਰਧਾਨ ਨੇ ਬੰਗਲੁਰੂ ਦੇ 'ਫ੍ਰੀਡਮ ਪਾਰਕ' ਵਿਚ ਕੀਤੀ ਰੈਲੀ 'ਚ ਮੁੜ ਭਾਜਪਾ ਤੇ ਚੋਣ ਕਮਿਸ਼ਨ ਨੂੰ ਘੇਰਿਆ; ਰੈਲੀ 'ਚ ਖੜਗੇ, ਮੁੱਖ ਮੰਤਰੀ ਸਿੱਧਰਮੱਈਆ ਤੇ ਉਪ ਮੁੱਖ ਮੰਤਰੀ ਸ਼ਿਵਕੁਮਾਰ ਸਣੇ ਹੋਰ ਆਗੂ ਹੋਏ ਸ਼ਾਮਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com

ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਵੋਟਰ ਸੂਚੀਆਂ ਵਿਚ ਕਥਿਤ ਹੇਰਾਫੇਰੀ ਦੇ ਮੁੱਦੇ 'ਤੇ ਸ਼ੁੱਕਰਵਾਰ ਨੂੰ ਦਾਅਵਾ ਕੀਤਾ ਕਿ ਜੇਕਰ ਚੋਣ ਕਮਿਸ਼ਨ ਇਲੈਕਟ੍ਰੋਨਿਕ ਡੇਟਾ ਮੁਹੱਈਆ ਕਰਵਾ ਦੇਵੇ ਤਾਂ ਕਾਂਗਰਸ ਇਹ ਸਾਬਤ ਕਰ ਦੇਵੇਗੀ ਨਰਿੰਦਰ ਮੋਦੀ 'ਵੋਟ ਚੋਰੀ' ਕਰਕੇ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਹਨ। ਰਾਹੁਲ ਗਾਂਧੀ ਨੇ ਵੋਟ ਚੋਰੀ ਦੇ ਆਪਣੇ ਦੋਸ਼ਾਂ ਨੂੰ ਦੁਹਰਾਇਆ ਅਤੇ ਚੋਣ ਕਮਿਸ਼ਨ ਵੱਲੋਂ ਉਨ੍ਹਾਂ ਤੋਂ ਸਹੁੰ ਚੁੱਕ ਕੇ ਹਲਫ਼ਨਾਮਾ ਮੰਗਣ ਦੀ ਆਲੋਚਨਾ ਕੀਤੀ। ਗਾਂਧੀ ਨੇ ਦੋਸ਼ ਲਗਾਇਆ ਕਿ ਚੋਣ ਕਮਿਸ਼ਨ ਅਤੇ ਭਾਜਪਾ ਨੇ ਲੋਕ ਸਭਾ ਚੋਣਾਂ ਵਿਚ ਲੋਕਾਂ ਦੀਆਂ ਵੋਟਾਂ ਚੋਰੀ ਕਰਨ ਲਈ ਕਥਿਤ ਮਿਲੀਭੁਗਤ ਕੀਤੀ। ਉਨ੍ਹਾਂ ਕਿਹਾ, "ਚੋਣ ਕਮਿਸ਼ਨ ਮੈਨੂੰ ਸਹੁੰ ਚੁੱਕ ਕੇ ਜਾਣਕਾਰੀ ਦੇਣ ਲਈ ਕਹਿੰਦਾ ਹੈ। ਮੈਂ ਸੰਸਦ ਦੇ ਅੰਦਰ ਸੰਵਿਧਾਨ ਨੂੰ ਫੜ ਕੇ ਸਹੁੰ ਚੁੱਕੀ ਹੈ।" ਉਨ੍ਹਾਂ ਦੋਸ਼ ਲਗਾਇਆ ਕਿ ਅੱਜ ਜਦੋਂ ਲੋਕ ਉਨ੍ਹਾਂ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਦੇ ਆਧਾਰ 'ਤੇ ਚੋਣ ਕਮਿਸ਼ਨ ਉੱਤੇ ਸਵਾਲ ਉਠਾ ਰਹੇ ਹਨ, ਤਾਂ ਚੋਣ ਕਮਿਸ਼ਨ ਨੇ ਆਪਣੀ ਵੈੱਬਸਾਈਟ ਹੀ ਬੰਦ ਕਰ ਦਿੱਤੀ ਹੈ। ਗਾਂਧੀ ਨੇ ਦੋਸ਼ ਲਗਾਇਆ ਕਿ ਮੱਧ




ਪ੍ਰਦੇਸ਼, ਰਾਜਸਥਾਨ ਅਤੇ ਬਿਹਾਰ ਵਿੱਚ ਚੋਣ ਕਮਿਸ਼ਨ ਦੀਆਂ ਵੈੱਬਸਾਈਟਾਂ ਬੰਦ ਕਰ ਦਿੱਤੀਆਂ ਗਈਆਂ ਹਨ ਕਿਉਂਕਿ ਉਹ ਜਾਣਦੇ ਸਨ ਕਿ ਜੇਕਰ ਲੋਕਾਂ ਨੇ ਅੰਕੜਿਆਂ ਦੇ ਆਧਾਰ 'ਤੇ ਸਵਾਲ ਪੁੱਛਣੇ ਸ਼ੁਰੂ ਕਰ ਦਿੱਤੇ ਤਾਂ ਉਨ੍ਹਾਂ ਦਾ ਪੂਰਾ ਢਾਂਚਾ ਢਹਿ ਜਾਵੇਗਾ।

ਰਾਹੁਲ ਗਾਂਧੀ ਨੇ ਬੰਗਲੁਰੂ ਦੇ ਫ੍ਰੀਡਮ ਪਾਰਕ ਵਿਚ 'ਵੋਟ ਅਧਿਕਾਰ ਰੈਲੀ' ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਲਈ ਜ਼ਿੰਮੇਵਾਰ ਅਧਿਕਾਰੀਆਂ ਨੂੰ ਇਕ ਦਿਨ ਫੜਿਆ ਜਾਵੇਗਾ ਕਿਉਂਕਿ ਇਹ ਅਪਰਾਧਿਕ ਕਾਰਵਾਈ ਹੈ। ਸਾਬਕਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਕਰਨਾਟਕ ਸਰਕਾਰ ਨੂੰ ਇਸ ਦੀ ਜਾਂਚ ਕਰਕੇ ਜ਼ਿੰਮੇਵਾਰ ਲੋਕਾਂ ਖਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ, "ਸੰਵਿਧਾਨ ਹਰੇਕ ਨਾਗਰਿਕ ਨੂੰ ਇਕ ਵੋਟ ਦਾ ਅਧਿਕਾਰ ਦਿੰਦਾ ਹੈ, ਜਿਸ 'ਤੇ ਚੋਣ ਕਮਿਸ਼ਨ ਤੇ ਉਸ ਦੇ ਅਧਿਕਾਰੀ ਹਮਲਾ ਕਰ ਰਹੇ ਹਨ। ਜੇ ਅਧਿਕਾਰੀ ਅਜਿਹਾ ਕਰ ਰਹੇ ਹਨ, ਉਹ ਨਹੀਂ ਬਚਣਗੇ। ਸਮਾਂ ਲੱਗੇਗਾ, ਪਰ ਅਸੀਂ ਉਨ੍ਹਾਂ ਨੂੰ ਫੜਾਂਗੇ।"

ਰਾਹੁਲ ਗਾਂਧੀ ਨੇ ਕਿਹਾ, "ਸਾਡੀ ਮੰਗ ਹੈ ਕਿ ਚੋਣ ਕਮਿਸ਼ਨ ਪੂਰੇ ਦੇਸ਼ ਦੀ ਵੋਟਰ ਸੂਚੀ ਡਿਜੀਟਲ ਫਾਰਮੈਟ ਵਿਚ ਪ੍ਰਦਾਨ ਕਰੇ ਤੇ ਸੀਸੀਟੀਵੀ ਫੁਟੇਜ ਦੇਵੇ। ਜੇਕਰ ਸਾਨੂੰ ਇਹ ਮਿਲਦੀ ਹੈ ਤਾਂ ਅਸੀਂ ਇਹ ਸਾਬਤ ਕਰ ਦੇਵਾਂਗੇ ਕਿ ਵੋਟ ਚੋਰੀ ਸਿਰਫ਼ ਕਰਨਾਟਕ ਵਿਚ ਨਹੀਂ ਬਲਕਿ ਪੂਰੇ ਹਿੰਦੁਸਤਾਨ ਵਿਚ ਕੀਤੀ ਗਈ ਹੈ।" ਉਨ੍ਹਾਂ ਦਾਅਵਾ ਕੀਤਾ ਕਿ ਜੇਕਰ ਇਲੈਕਟ੍ਰੋਨਿਕ ਡੇਟਾ ਮਿਲ ਜਾਵੇ ਤਾਂ ਇਹ ਸਾਬਤ ਕਰ ਦੇਵਾਂਗੇ ਪ੍ਰਧਾਨ ਮੰਤਰੀ ਵੋਟ ਦੀ ਚੋਰੀ ਕਰਕੇ ਇਸ ਅਹੁਦੇ 'ਤੇ ਆਏ ਹਨ। ਰਾਹੁਲ ਗਾਂਧੀ ਨੇ ਦੁਹਰਾਇਆ ਕਿ ਸਿਰਫ਼ 25 ਸੀਟਾਂ ਕਰਕੇ ਅੱਜ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਦੇ ਅਹੁਦੇ 'ਤੇ ਬਿਰਾਜਮਾਨ ਹਨ।

ਬੰਗਲੁਰੂ ਦੇ 'ਫ੍ਰੀਡਮ ਪਾਰਕ' ਵਿਚ ਹੋਈ ਰੈਲੀ ਵਿੱਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮੱਈਆ, ਉਪ ਮੁੱਖ ਮੰਤਰੀ ਡੀਕੇ ਸ਼ਿਵਕੁਮਾਰ, ਕਾਂਗਰਸ ਦੇ ਕਰਨਾਟਕ ਇੰਚਾਰਜ ਰਣਦੀਪ ਸੁਰਜੇਵਾਲਾ, ਰਾਜ ਸਰਕਾਰ ਦੇ ਮੰਤਰੀ, ਸੰਸਦ ਮੈਂਬਰ, ਵਿਧਾਇਕ ਅਤੇ ਹੋਰ ਬਹੁਤ ਸਾਰੇ ਆਗੂ ਸ਼ਾਮਲ ਹੋਏ। ਇਸ ਰੈਲੀ ਤੋਂ ਇੱਕ ਦਿਨ ਪਹਿਲਾਂ, ਸਾਬਕਾ ਕਾਂਗਰਸ ਪ੍ਰਧਾਨ ਰਾਹੁਲ ਗਾਂਧੀ ਨੇ ਬੰਗਲੁਰੂ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਦਾ ਡੇਟਾ ਪੇਸ਼ ਕੀਤਾ ਅਤੇ ਦੋਸ਼ ਲਗਾਇਆ ਕਿ ਵੋਟਰ ਸੂਚੀ ਵਿੱਚ ਹੇਰਾਫੇਰੀ ਕਰਕੇ 'ਵੋਟ ਚੋਰੀ' ਦਾ ਮਾਡਲ ਭਾਜਪਾ ਨੂੰ ਫਾਇਦਾ ਪਹੁੰਚਾਉਣ ਲਈ ਲਾਗੂ ਕੀਤਾ ਗਿਆ ਹੈ।

ਉਨ੍ਹਾਂ ਦਾਅਵਾ ਕੀਤਾ ਸੀ ਕਿ ਇਹ ਸਭ ਭਾਜਪਾ ਅਤੇ ਚੋਣ ਕਮਿਸ਼ਨ ਦੀ ਮਿਲੀਭੁਗਤ ਨਾਲ ਹੋ ਰਿਹਾ ਹੈ ਅਤੇ ਇਹ ਸੰਵਿਧਾਨ ਦੇ ਵਿਰੁੱਧ ਅਪਰਾਧ ਹੈ। ਉਨ੍ਹਾਂ ਵੀਰਵਾਰ ਨੂੰ ਦਿੱਲੀ ਵਿੱਚ ਪੱਤਰਕਾਰਾਂ ਸਾਹਮਣੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਦੀ ਵੋਟਰ ਸੂਚੀ ਦਾ ਡੇਟਾ ਪੇਸ਼ ਕੀਤਾ ਸੀ। ਰਾਹੁਲ ਗਾਂਧੀ ਨੇ ਕਿਹਾ ਸੀ ਕਿ ਬੰਗਲੁਰੂ ਕੇਂਦਰੀ ਲੋਕ ਸਭਾ ਸੀਟ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਵਿੱਚ 1,00,250 ਵੋਟਾਂ ਚੋਰੀ ਹੋਈਆਂ ਸਨ, ਜਦੋਂ ਕਿ ਇਹ ਸੀਟ ਭਾਜਪਾ ਨੇ ਪਿਛਲੀਆਂ ਲੋਕ ਸਭਾ ਚੋਣਾਂ ਵਿੱਚ 32,707 ਵੋਟਾਂ ਦੇ ਫਰਕ ਨਾਲ ਜਿੱਤੀ ਸੀ।

## ਟਰੰਪ ਦੇ ਟੈਰਿਫ ਵਿਵਾਦ ਦੌਰਾਨ ਪੀਐਮ ਮੋਦੀ ਨੇ ਰੂਸੀ ਰਾਸ਼ਟਰਪਤੀ ਨਾਲ ਕੀਤੀ ਗੱਲ, ਪੁਤਿਨ ਨੂੰ ਭਾਰਤ ਆਉਣ ਦਾ ਦਿੱਤਾ ਸੱਦਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਫ਼ੋਨ 'ਤੇ ਗੱਲਬਾਤ ਕੀਤੀ ਜਿਸ ਵਿੱਚ ਯੂਕਰੇਨ ਯੁੱਧ ਅਤੇ ਦੁਵੱਲੇ ਸਬੰਧਾਂ 'ਤੇ ਚਰਚਾ ਕੀਤੀ ਗਈ। ਪ੍ਰਧਾਨ ਮੰਤਰੀ ਮੋਦੀ ਨੇ ਸ਼ਾਂਤੀ ਪ੍ਰਤੀ ਭਾਰਤ ਦੀ ਨੀਤੀ ਨੂੰ ਦੁਹਰਾਇਆ ਅਤੇ ਰਾਸ਼ਟਰਪਤੀ ਪੁਤਿਨ ਨੂੰ ਭਾਰਤ ਆਉਣ ਦਾ ਸੱਦਾ ਦਿੱਤਾ। ਇਸ ਦੌਰਾਨ ਦੋਵਾਂ ਆਗੂਆਂ ਨੇ ਰੂਸ-ਯੂਕਰੇਨ ਯੁੱਧ, ਆਪਸੀ ਸਬੰਧਾਂ ਅਤੇ ਭਵਿੱਖ ਦੀਆਂ ਯੋਜਨਾਵਾਂ 'ਤੇ ਚਰਚਾ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਇੱਕ ਵਾਰ ਫਿਰ ਭਾਰਤ ਦੀ ਸ਼ਾਂਤੀ ਦੀ ਨੀਤੀ ਨੂੰ ਦੁਹਰਾਇਆ ਅਤੇ ਰਾਸ਼ਟਰਪਤੀ ਪੁਤਿਨ ਨੂੰ ਭਾਰਤ ਆਉਣ ਦਾ ਸੱਦਾ ਵੀ ਦਿੱਤਾ। ਇਸ ਦੌਰਾਨ, ਉਨ੍ਹਾਂ ਨੇ ਪੁਤਿਨ ਤੋਂ ਯੂਕਰੇਨ ਨਾਲ ਸਬੰਧਤ ਹਾਲੀਆ ਸਥਿਤੀ ਬਾਰੇ ਵੀ ਪੁੱਛਗਿੱਛ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਇਸ ਜਾਣਕਾਰੀ ਲਈ ਪੁਤਿਨ ਦਾ ਧੰਨਵਾਦ ਵੀ ਕੀਤਾ ਅਤੇ ਦੁਹਰਾਇਆ ਕਿ ਭਾਰਤ ਹਮੇਸ਼ਾ ਯੁੱਧ ਦਾ ਸ਼ਾਂਤੀਪੂਰਨ ਹੱਲ ਚਾਹੁੰਦਾ ਹੈ। ਭਾਰਤ ਦੀ ਨੀਤੀ ਇਹ ਹੈ ਕਿ ਕਿਸੇ ਵੀ ਟਕਰਾਅ ਨੂੰ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ।

ਗੱਲਬਾਤ ਦੌਰਾਨ, ਦੋਵਾਂ ਆਗੂਆਂ ਨੇ ਭਾਰਤ ਅਤੇ ਰੂਸ ਦੇ ਪੁਰਾਣੇ ਅਤੇ ਮਜ਼ਬੂਤ ਸਬੰਧਾਂ 'ਤੇ ਵੀ ਚਰਚਾ ਕੀਤੀ ਅਤੇ ਦੋਵੇਂ ਇਸ ਗੱਲ 'ਤੇ ਸਹਿਮਤ ਹੋਏ ਕਿ ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

### ਪੁਤਿਨ ਨੇ ਭਾਰਤ ਆਉਣ ਦਾ ਸੱਦਾ ਦਿੱਤਾ

ਤੁਹਾਨੂੰ ਦੱਸ ਦੇਈਏ ਕਿ



ਭਾਰਤ ਅਤੇ ਰੂਸ ਊਰਜਾ, ਰੱਖਿਆ, ਪੁਲਾੜ ਅਤੇ ਵਪਾਰ ਵਰਗੇ ਕਈ ਖੇਤਰਾਂ ਵਿੱਚ ਇੱਕ ਦੂਜੇ ਨਾਲ ਸਹਿਯੋਗ ਕਰਦੇ ਹਨ। ਇਸ ਸਾਂਝੇਦਾਰੀ ਨੂੰ ਅੱਗੇ ਵਧਾਉਣ ਲਈ ਆਉਣ ਵਾਲੇ ਮਹੀਨਿਆਂ ਵਿੱਚ ਹੋਰ ਗੱਲਬਾਤ ਦੀ ਯੋਜਨਾ ਬਣਾਈ ਗਈ ਹੈ।


## 5 ਮੈਂਬਰੀ ਕਮੇਟੀ ਦੇ ਪ੍ਰਧਾਨ ਦੀ ਚੋਣ ਮੌਕੇ SGPC ਨੇ ਹਾਲ ਦੇਣ ਤੋਂ ਕੀਤਾ ਇਨਕਾਰ

### – ਭਾਈ ਗੁਰਦਾਸ ਹਾਲ ਦੀ ਕੀਤੀ ਗਈ ਹੈ ਪੇਸ਼ਕਸ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com

ਸ਼੍ਰੋਮਣੀ ਅਕਾਲੀ ਦਲ (Punjab) ਹਿਤੈਸ਼ੀ ਲੀਡਰਸ਼ਿਪ ਵੱਲੋਂ 11 ਅਗਸਤ ਨੂੰ ਆਪਣਾ ਪ੍ਰਧਾਨ ਚੁਣਿਆ ਜਾਣਾ ਹੈ। ਜਿਸ ਦੇ ਲਈ 5 ਮੈਂਬਰੀ ਕਮੇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੇਜਾ ਸਮੁੰਦਰੀ ਹਾਲ ਦੇਣ ਲਈ ਬੇਨਤੀ ਕੀਤੀ ਗਈ ਸੀ। ਜਿਸ ਤੋਂ ਬਾਅਦ ਹੁਣ ਸ਼੍ਰੋਮਣੀ





ਕਮੇਟੀ ਨੇ 5 ਮੈਂਬਰੀ ਕਮੇਟੀ ਨੂੰ ਤੇਜਾ ਸਮੁੰਦਰੀ ਹਾਲ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਪਰ ਇਸ ਦੇ ਬਦਲੇ ਸ਼੍ਰੋਮਣੀ ਕਮੇਟੀ ਨੇ 5 ਮੈਂਬਰੀ ਕਮੇਟੀ ਨੂੰ ਭਾਈ ਗੁਰਦਾਸ ਹਾਲ ਦੀ ਪੇਸ਼ਕਸ਼ ਕੀਤੀ ਹੈ। ਜਿੱਥੇ ਉਹ ਆਪਣਾ ਸਮਾਗਮ ਕਰ ਸਕਦੇ ਹਨ ਅਤੇ ਆਪਣਾ ਪ੍ਰਧਾਨ ਚੁਣ ਸਕਦੇ ਹਨ।

ਦੱਸ ਦਈਏ ਕਿ ਪੰਜ ਮੈਂਬਰੀ ਕਮੇਟੀ ਵੱਲੋਂ 11 ਅਗਸਤ ਨੂੰ ਚੋਣ ਇਜਲਾਸ ਰੱਖਿਆ ਗਿਆ ਹੈ। ਇਸ ਇਜਲਾਸ 'ਚ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਲਈ ਵਿਚਾਰ ਚਰਚਾ ਕੀਤੀ ਜਾਣੀ ਹੈ ਕਿ ਕਿਸ ਨੂੰ ਪ੍ਰਧਾਨਗੀ ਦਿੱਤੀ ਜਾਵੇ। ਇਸ ਇਸ ਤੋਂ ਪਹਿਲਾਂ ਹੀ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਦੀ ਦੌੜ ਤੋਂ ਕਿਨਾਰਾ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਉਹ ਪ੍ਰਧਾਨਗੀ ਦੀ ਦੌੜ 'ਚ ਸ਼ਾਮਿਲ ਨਹੀਂ ਹਨ।

ਐਵੇਂ ਤਾਂ ਨੀ ਸਿਰਾਂ ਦੇ ਉੱਤੇ ਤਾਜ ਸਜ਼ਦੇ, ਮਿਹਨਤਾਂ ਹੀ, ਜ਼ਿੰਦਗੀ ਚ ਰੰਗ ਲਾਉਂਦੀਆਂ।
ਸੁੱਤਿਆਂ ਦੇ ਸਿਰਾਂ ਤੇ ਨੀ ਤਾਜ ਸਜ਼ਦੇ, ਮਿਹਨਤਾਂ ਹੀ, ਜ਼ਿੰਦਗੀ ਚ ਰੰਗ ਲਾਉਂਦੀਆਂ।
ਜਿਹਨਾਂ ਦਿਆਂ ਸਿਰਾਂ ਤੇ ਜਨੂੰਨ ਬੋਲਦਾ, ਰਾਤਾਂ ਨੂੰ ਨਾਂ, ਉਹਨਾਂ ਨੂੰ ਨੀਂਦਾਂ ਆਉਂਦੀਆਂ।

## ਚੰਦਰਮਾ 'ਤੇ ਪ੍ਰਮਾਣੂ ਊਰਜਾ ਪਲਾਂਟ ਸਥਾਪਤ ਕਰਨ ਦੀ ਦੌੜ ਵਿਚ ਅਮਰੀਕਾ, ਰੂਸ, ਚੀਨ ਅਤੇ ਭਾਰਤ ਹੋਏ ਸ਼ਾਮਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com

ਚੰਦਰਮਾ 'ਤੇ ਇਨਸਾਨਾਂ ਨੂੰ ਵਸਾਉਣ ਦੀਆਂ ਤਿਆਰੀਆਂ ਚੱਲ ਰਹੀਆਂ ਹਨ ਅਤੇ ਇਸ ਸੁਫ਼ਨੇ ਨੂੰ ਪੂਰਾ ਕਰਨ ਲਈ ਪੁਲਾੜ ਏਜੰਸੀਆਂ ਹੁਣ ਚੰਦਰਮਾ 'ਤੇ ਬਿਜਲੀ ਪੈਦਾ ਕਰਨ ਦੀ ਯੋਜਨਾ ਬਣਾ ਰਹੀਆਂ ਹਨ। ਚੰਦਰਮਾ 'ਤੇ ਪ੍ਰਮਾਣੂ ਊਰਜਾ ਪਲਾਂਟ ਸਥਾਪਤ ਕਰਨ ਦੀ ਦੌੜ ਵਿਚ ਅਮਰੀਕਾ,

ਬਾਕੀ ਖਬਰ ਸਫਾ 2 ਤੇ

# ਸ਼ਿਬੂ ਸੋਰੇਨ ਦਾ ਰਾਜਕੀ ਸਨਮਾਨ ਨਾਲ ਜੱਦੀ ਪਿੰਡ ਨੇਮਰਾ 'ਚ ਬਾਅਦ ਦੁਪਹਿਰ ਹੋਵੇਗਾ ਸਸਕਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 08 ਅਗਸਤ
INTERNATIONAL PAPER, 94636 01616
hardipchumber57@gmail.com



ਬਜ਼ੁਰਗ ਕਬਾਇਲੀ ਆਗੂ ਤੇ ਝਾਰਖੰਡ ਮੁਕਤੀ ਮੋਰਚਾ ਦੇ ਸਹਿ-ਬਾਨੀ ਸ਼ਿਬੂ ਸੋਰੇਨ, ਜਿਨ੍ਹਾਂ ਨੂੰ 'ਦਿਸ਼ੋਮ ਗੁਰੂ' ਦੇ ਨਾਂ ਨਾਲ ਵੀ ਜਾਣਿਆ ਜਾਂਦਾ ਸੀ, ਦਾ ਅੰਤਿਮ ਸੰਸਕਾਰ ਮੰਗਲਵਾਰ ਨੂੰ ਉਨ੍ਹਾਂ ਦੇ ਰਾਮਗੜ੍ਹ ਜ਼ਿਲ੍ਹੇ ਵਿਚ ਜੱਦੀ ਪਿੰਡ ਨੇਮਰਾ ਵਿਚ ਪੂਰੀ ਰਾਜਕੀ ਸਨਮਾਨ ਨਾਲ ਹੋਵੇਗਾ।

ਸ਼ਿਬੂ ਸੋਰੇਨ ਨੇ ਸੋਮਵਾਰ ਨੂੰ ਦਿੱਲੀ ਦੇ ਇਕ ਨਿੱਜੀ ਹਸਪਤਾਲ ਵਿਚ ਆਖਰੀ ਸਾਹ ਲਏ ਸਨ। ਰਾਸ਼ਟਰਪਤੀ ਦਰੋਪਦੀ ਮੁਰਮੂ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਣੇ ਹੋਰਨਾਂ ਸਿਆਸੀ ਹਸਤੀਆਂ ਤੇ ਆਗੂਆਂ ਨੇ ਹਸਪਤਾਲ ਜਾ ਕੇ ਸੋਰੇਨ ਨੂੰ ਸ਼ਰਧਾਂਜਲੀ ਦਿੱਤੀ।

ਅਧਿਕਾਰੀਆਂ ਨੇ ਦੱਸਿਆ ਕਿ ਸਾਬਕਾ ਮੁੱਖ ਮੰਤਰੀ ਅਤੇ ਰਾਜ ਸਭਾ ਮੈਂਬਰ ਦੇ ਅੰਤਿਮ ਸੰਸਕਾਰ ਲਈ ਤਿਆਰੀਆਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਝਾਰਖੰਡ ਦੇ ਰਾਮਗੜ੍ਹ ਜ਼ਿਲ੍ਹੇ ਵਿੱਚ ਉਨ੍ਹਾਂ ਦੇ ਜੱਦੀ ਪਿੰਡ, ਜੋ ਰਾਜਧਾਨੀ ਰਾਂਚੀ ਤੋਂ ਕਰੀਬ 70 ਕਿਲੋਮੀਟਰ ਦੂਰ ਹੈ, ਵਿੱਚ ਕੀਤੀਆਂ ਜਾ ਰਹੀਆਂ ਹਨ।

ਝਾਰਖੰਡ ਮੁਕਤੀ ਮੋਰਚਾ ਦੇ ਸਹਿ-ਸੰਸਥਾਪਕ ਸੋਰੇਨ, ਜੋ ਕਿ ਗੁਰਦੇ ਨਾਲ ਸਬੰਧਤ ਸਮੱਸਿਆਵਾਂ ਕਰਕੇ ਪਿਛਲੇ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਦਿੱਲੀ ਦੇ ਸਰ ਗੰਗਾ ਰਾਮ ਹਸਪਤਾਲ ਵਿੱਚ ਜ਼ੇਰੇ ਇਲਾਜ ਸਨ, ਦਾ 81 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਮੰਗਲਵਾਰ ਦੁਪਹਿਰ ਨੂੰ ਕੀਤਾ ਜਾਵੇਗਾ।

ਰਾਮਗੜ੍ਹ ਦੇ ਡਿਪਟੀ ਕਮਿਸ਼ਨਰ ਅਤੇ ਐੱਸਪੀ ਸਮੇਤ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਨੇਮਰਾ ਦਾ ਦੌਰਾ ਕੀਤਾ। ਅੰਤਿਮ ਸੰਸਕਾਰ ਲਈ ਵਿਸ਼ੇਸ਼ ਟ੍ਰੈਫਿਕ ਪ੍ਰਬੰਧ ਕੀਤੇ ਗਏ ਹਨ ਕਿਉਂਕਿ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਹੋਰ ਕਈ ਸਿਆਸੀ ਆਗੂਆਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। ਇਸ ਦੌਰਾਨ ਗੁਰੂ ਜੀ ਦੇ ਦੇਹਾਂਤ ਮਗਰੋਂ ਨੇਮਰਾ ਪਿੰਡ ਵਿੱਚ ਸੋਗ ਦੀ ਲਹਿਰ ਹੈ।

ਉਨ੍ਹਾਂ ਦੇ ਅੰਤਿਮ ਸੰਸਕਾਰ ਤੋਂ ਪਹਿਲਾਂ, ਉਨ੍ਹਾਂ ਦੀ ਦੇਹ ਨੂੰ ਸਵੇਰੇ 9 ਵਜੇ ਦੇ ਕਰੀਬ ਲੋਕਾਂ ਦੇ ਅੰਤਿਮ ਦਰਸ਼ਨ ਲਈ ਝਾਰਖੰਡ ਵਿਧਾਨ ਸਭਾ ਕੰਪਲੈਕਸ ਵਿੱਚ ਰੱਖਿਆ ਜਾਵੇਗਾ। ਉਨ੍ਹਾਂ ਦਾ ਦੇਹਾਂਤ ਇੱਕ ਪਰਿਭਾਸ਼ਤ ਸਿਆਸੀ ਯੁੱਗ ਦੇ ਅੰਤ ਨੂੰ ਦਰਸਾਉਂਦਾ ਹੈ, ਜਿਸ ਨੇ ਝਾਰਖੰਡ ਦੇ ਜ਼ਮੀਨੀ ਪੱਧਰ ਤੋਂ ਆਦਿਵਾਸੀ ਅੰਦੋਲਨ ਨੂੰ ਰਾਸ਼ਟਰੀ ਰਾਜਨੀਤੀ ਦੇ ਮੋਹਰੀ ਸਥਾਨ 'ਤੇ ਲਿਆਂਦਾ। ਸ਼ਿਬੂ ਸੋਰੇਨ ਪਿਛਲੇ 38 ਸਾਲਾਂ ਤੋਂ ਜੇਐਮਐਮ ਦੇ ਆਗੂ ਸਨ।

ਸਤਿਕਾਰ ਵਜੋਂ ਝਾਰਖੰਡ ਸਰਕਾਰ ਨੇ 6 ਅਗਸਤ ਤੱਕ ਤਿੰਨ ਦਿਨਾਂ ਦੇ ਰਾਜਕੀ ਸੋਗ ਦਾ ਐਲਾਨ ਕੀਤਾ ਹੈ। ਝਾਰਖੰਡ ਦੇ ਜ਼ਿਆਦਾਤਰ ਸਕੂਲ ਮੰਗਲਵਾਰ ਨੂੰ ਬੰਦ ਹਨ। ਮੌਜੂਦਾ ਸੰਸਦ ਮੈਂਬਰ ਸ਼ਿਬੂ ਸੋਰੇਨ ਦੀ ਮੌਤ ਤੋਂ ਬਾਅਦ, ਸਤਿਕਾਰ ਵਜੋਂ ਸੋਮਵਾਰ ਨੂੰ ਰਾਜ ਸਭਾ ਦੀ ਕਾਰਵਾਈ ਵੀ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਸੀ। ਝਾਰਖੰਡ ਅਸੈਂਬਲੀ ਦਾ 1 ਅਗਸਤ ਨੂੰ ਸ਼ੁਰੂ ਹੋਇਆ ਪੰਜ ਰੋਜ਼ਾ ਮੌਨਸੂਨ ਇਜਲਾਸ ਸ਼ਿਬੂ ਸੋਰੇਨ ਦੀ ਮੌਤ ਮਗਰੋਂ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਸੀ।

# ਡਾ.ਓਬਰਾਏ ਦੀ ਬਦੌਲਤ ਦੋ ਮਹੀਨਿਆਂ ਬਾਅਦ ਨੌਜਵਾਨ ਦਾ ਮ੍ਰਿਤਕ ਸਰੀਰ ਭਾਰਤ ਪਹੁੰਚਿਆ

## - ਦੁਬਈ 'ਚ 10 ਜੂਨ ਨੂੰ 20 ਸਾਲਾ ਗਗਨਦੀਪ ਸਿੰਘ ਦੀ ਹੋ ਗਈ ਸੀ ਮੌਤ, ਟਰੱਸਟ ਦੀ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਏਅਰਪੋਰਟ ਤੋਂ ਘਰ ਭੇਜਿਆ ਗਿਆ ਮ੍ਰਿਤਕ ਸਰੀਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 08 ਅਗਸਤ
INTERNATIONAL PAPER, 94636 01616
hardipchumber57@gmail.com

ਅੰਮ੍ਰਿਤਸਰ,8 ਅਗਸਤ 2025 - ਲੋੜਵੰਦਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ.ਐਸ.ਪੀ. ਸਿੰਘ ਓਬਰਾਏ ਦੇ ਯਤਨਾਂ ਸਦਕਾ ਅੱਜ ਗੁਰਦਾਸਪੁਰ ਜ਼ਿਲ੍ਹੇ ਦੇ ਕਸਬਾ ਧਾਰੀਵਾਲ ਨੇੜਲੇ ਪਿੰਡ ਸਰਸਪੁਰ ਸਾਲਾ ਸਬੰਧਿਤ 20 ਸਾਲਾ ਗਗਨਦੀਪ ਸਿੰਘ ਪੁੱਤਰ ਬਲਦੇਵ ਸਿੰਘ ਦਾ ਮ੍ਰਿਤਕ ਸਰੀਰ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪਹੁੰਚਿਆ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ.ਐੱਸ. ਪੀ. ਸਿੰਘ ਓਬਰਾਏ ਨੇ ਦੱਸਿਆ ਗਗਨਦੀਪ ਸਿੰਘ ਵੀ ਹੋਰਨਾਂ ਨੌਜਵਾਨਾਂ ਵਾਂਗ ਆਪਣੇ ਪਰਿਵਾਰ ਦੀ ਗ਼ੁਰਬਤ ਦੂਰ ਕਰਨ ਦੇ ਮਕਸਦ ਨਾਲ ਅਜੇ 6 ਕੁ ਮਹੀਨੇ ਪਹਿਲਾਂ ਹੀ ਦੁਬਈ ਆਇਆ ਸੀ ਕਿ ਬੀਤੀ 10 ਜੂਨ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਉਸਦੀ ਮੌਤ ਹੋ ਗਈ। ਡਾ.ਓਬਰਾਏ ਨੇ ਦੱਸਿਆ ਕਿ ਇਸ ਘਟਨਾ ਸਬੰਧੀ ਦੁਬਈ ਸਥਿਤ ਭਾਰਤੀ ਦੂਤਾਵਾਸ ਨੇ ਕੁਝ ਦਿਨ ਪਹਿਲਾਂ ਹੀ ਉਨ੍ਹਾਂ ਨਾਲ ਸੰਪਰਕ ਕਰਕੇ ਦੱਸਿਆ ਸੀ ਕਿ ਇੱਕ ਨੌਜਵਾਨ ਦਾ ਮ੍ਰਿਤਕ ਸਰੀਰ ਕੁਝ ਸਮੇਂ ਤੋਂ ਲਾਵਾਰਿਸ ਪਿਆ ਹੈ। ਉਨ੍ਹਾਂ ਦੱਸਿਆ ਕਿ ਉਕਤ ਨੌਜਵਾਨ ਸਬੰਧੀ ਸਾਰੀ ਜਾਣਕਾਰੀ ਇਕੱਤਰ ਕਰਕੇ ਉਨ੍ਹਾਂ ਆਪਣੀ ਗੁਰਦਾਸਪੁਰ ਟੀਮ ਦੇ ਪ੍ਰਧਾਨ ਰਵਿੰਦਰ ਸਿੰਘ ਮਠਾੜੂ ਰਾਹੀਂ ਇਸ ਅਣਹੋਣੀ ਸਬੰਧੀ ਬੇਖ਼ਬਰ ਉਸਦੇ ਵਾਰਸਾਂ ਨੂੰ ਜਾਣੂ ਕਰਵਾਇਆ ਸੀ।

ਡਾ.ਓਬਰਾਏ ਨੇ ਇਹ ਵੀ ਦੱਸਿਆ ਕਿ ਗਗਨਦੀਪ ਦੇ ਮ੍ਰਿਤਕ ਸਰੀਰ ਦੀ ਪੁਸ਼ਟੀ ਹੋਣ ਉਪਰੰਤ ਉਨ੍ਹਾਂ ਭਾਰਤੀ ਦੂਤਾਵਾਸ ਦੇ ਸਹਿਯੋਗ ਅਤੇ ਆਪਣੇ ਨਿੱਜੀ ਸਹਾਇਕ ਬਲਦੀਪ ਸਿੰਘ ਚਾਹਲ ਦੀ ਦੇਖ-ਰੇਖ 'ਚ ਤੁਰੰਤ ਸਾਰੀ ਲੋੜੀਂਦੀ ਕਾਗਜ਼ੀ ਕਾਰਵਾਈ ਮੁਕੰਮਲ ਕਰਵਾ ਕੇ ਅੱਜ ਆਪਣੇ ਖਰਚ 'ਤੇ ਗਗਨਦੀਪ ਸਿੰਘ ਦਾ ਮ੍ਰਿਤਕ ਸਰੀਰ ਭਾਰਤ ਭੇਜਿਆ, ਜਿਸ ਉਪਰੰਤ ਅੰਮ੍ਰਿਤਸਰ ਹਵਾਈ ਅੱਡੇ ਤੋਂ ਪੀੜ੍ਹਤ ਪਰਿਵਾਰ ਦੀ ਹਾਜ਼ਰੀ 'ਚ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ ਤੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਸੰਧੂ ਵੱਲੋਂ ਮ੍ਰਿਤਕ ਸਰੀਰ ਪ੍ਰਾਪਤ ਕਰਕੇ ਟਰੱਸਟ ਦੀ 'ਮੁਫ਼ਤ ਐਂਬੂਲੈਂਸ ਸੇਵਾ' ਰਾਹੀਂ ਉਸ ਦੇ ਘਰ ਤੱਕ ਭੇਜਿਆ ਗਿਆ ਹੈ। ਡਾ.ਉਬਰਾਏ ਨੇ ਕਿਹਾ ਕਿ ਟਰੱਸਟ ਦੀ ਜ਼ਿਲ੍ਹਾ ਟੀਮ ਵੱਲੋਂ ਜਲਦ ਹੀ ਪਰਿਵਾਰ ਦੀ ਆਰਥਿਕ ਹਾਲਤ ਤੋਂ ਜਾਣੂ ਕਰਵਾਉਣ ਉਪਰੰਤ ਗਗਨਦੀਪ ਦੇ ਪਰਿਵਾਰ ਨੂੰ ਲੋੜ ਅਨੁਸਾਰ ਮਹੀਨਾਵਾਰ



ਪੈਨਸ਼ਨ ਵੀ ਦਿੱਤੀ ਜਾਵੇਗੀ।

ਇਸ ਦੌਰਾਨ ਹਵਾਈ ਅੱਡੇ ਤੇ ਮ੍ਰਿਤਕ ਦੇਹ ਲੈਣ ਪਹੁੰਚੇ ਗਗਨਦੀਪ ਸਿੰਘ ਦੇ ਭਰਾ ਅਕਾਸ਼ਦੀਪ ਸਿੰਘ,ਰਾਜਾ, ਆਸ਼ਿਸ਼ ਤੇ ਮਾਮੇ ਵਿੱਕੀ,ਸਿਮੌਨ ਮਸੀਹ,ਇੰਦਰਾਜ਼ ਮਸੀਹ ਆਦਿ ਨੇ ਡਾ.ਐੱਸ.ਪੀ. ਸਿੰਘ ਓਬਰਾਏ ਦਾ ਇਸ ਵੱਡੇ ਉਪਰਾਲੇ ਲਈ ਸ਼ੁਕਰਾਨਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਬਦੌਲਤ ਹੀ ਉਨ੍ਹਾਂ ਨੂੰ ਗਗਨਦੀਪ ਦੇ ਅੰਤਿਮ ਦਰਸ਼ਨ ਨਸੀਬ ਹੋ ਸਕੇ ਹਨ।

# ਅੰਮ੍ਰਿਤਸਰ ਪੁਲਿਸ ਨੇ ਗਰਮਖਿਆਲੀ ਨਾਅਰੇ ਲਿਖਣ ਦਾ ਮਾਮਲਾ 24 ਘੰਟਿਆਂ 'ਚ ਸੁਲਝਾਇਆ

## ਦੋ ਮੁਲਜ਼ਮਾਂ ਨੂੰ ਕੀਤਾ ਕਾਬੂ, ਦੋਸ਼ੀਆਂ 'ਚ ਇਕ ਨਾਬਾਲਗ ਵੀ ਸ਼ਾਮਲ, ਵਿਦੇਸ਼ 'ਚ ਰਹਿੰਦੇ ਸ਼ਮਸ਼ੇਰ ਸਿੰਘ ਸ਼ੇਰਾ ਮਾਨ ਦੇ ਸੰਪਰਕ 'ਚ ਸਨ ਮੁਲਜ਼ਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 08 ਅਗਸਤ
INTERNATIONAL PAPER, 94636 01616
hardipchumber57@gmail.com



ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵੱਲੋ ਵੱਡੀ ਸਫਲਤਾ ਪ੍ਰਾਪਤ ਕਰਦਿਆਂ, 6-7 ਅਗਸਤ ਦੀ ਦਰਮਿਆਨੀ ਰਾਤ ਨੂੰ ਸ਼ਹਿਰ ਵਿੱਚ ਤਿੰਨ ਥਾਵਾਂ ਤੇ ਹੋਏ ਖਾਲਿਸਤਾਨ ਪੱਖੀ ਗ੍ਰਾਫਿਟੀ ਮਾਮਲੇ ਦਾ ਪਰਦਾਫਾਸ਼ ਕਰਦੇ ਹੋਏ, ਬਟਾਲਾ ਦੇ ਦਰਗਾਬਾਦ ਪਿੰਡ ਦੇ ਰਹਿਣ ਵਾਲੇ ਇੱਕ ਨਾਬਾਲਗ ਸਮੇਤ ਦੋ ਦੋਸ਼ੀਆਂ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫਤਾਰ ਕਰ ਲਿਆ ਗਿਆ ਹੈ।

ਇਸ ਸਬੰਧੀ ਜੀਪੀਐਸ ਭੁੱਲਰ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਹ ਵਿਦੇਸ਼ ਵਿੱਚ ਰਹਿੰਦੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਮਾਨ ਦੇ ਸੰਪਰਕ ਵਿੱਚ ਸਨ, ਜਿਸਨੇ ਉਨ੍ਹਾਂ ਨੂੰ ਗੁਰਪਤਵੰਤ ਸਿੰਘ ਪੰਨੂ ਦੇ ਨਿਰਦੇਸ਼ਾਂ 'ਤੇ ਕੰਮ ਕਰਨ ਲਈ ਕਿਹਾ ਸੀ। ਦੋਸ਼ੀਆਂ ਨੇ ਸਨੈਪਚੈਟ ਰਾਹੀਂ ਨਿਰਦੇਸ਼ ਅਤੇ ਡਿਜ਼ਾਈਨ ਪ੍ਰਾਪਤ ਕਰਨ ਤੋਂ ਬਾਅਦ ਗ੍ਰੈਫਿਟੀ ਕੀਤੀ, ਪਰ ਕੀਤੇ ਵਾਇਦੇ ਮੁਤਾਬਿਕ ਉਹਨਾਂ ਨੂੰ ਭੁਗਤਾਨ ਨਹੀਂ ਕੀਤਾ ਗਿਆ। ਐਫ.ਆਈ.ਆਰ. ਦਰਜ ਕਰ ਲਈ ਗਈ ਹੈ। ਅਗਲੇਰੀ ਜਾਂਚ ਜਾਰੀ ਹੈ।

ਪੰਜਾਬ ਪੁਲਿਸ ਦੇਸ਼ ਵਿਰੋਧੀ ਗਤੀਵਿਧੀਆਂ ਨੂੰ ਰੋਕਣ ਅਤੇ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਵਚਨਬੱਧ ਹੈ।

# ਜ਼ਿਲ੍ਹਾ ਐਡਵਾਈਜਰੀ ਕਮੇਟੀ ਪੀਐਨਡੀਟੀ ਦੀ ਹੋਈ ਮੀਟਿੰਗ

## 'ਸਿਹਤ ਵਿਭਾਗ ਵੱਲੋਂ ਲਿੰਗ ਨਿਰਧਾਰਣ ਟੈਸਟ ਦੀ ਜਾਣਕਾਰੀ ਦੇਣ ਵਾਲੇ ਨੂੰ 50 ਹਜ਼ਾਰ ਰੁਪਏ ਦਾ ਇਨਾਮ', ਗਰਭ 'ਚ ਪਲ ਰਹੇ ਬੱਚੇ ਦੇ ਲਿੰਗ ਦੀ ਜਾਂਚ ਕਰਨਾ ਤੇ ਕਰਵਾਉਣਾ ਸਜ਼ਾਯੋਗ ਅਪਰਾਧ-ਡਾ. ਸੰਜੇ ਕਾਮਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 08 ਅਗਸਤ
INTERNATIONAL PAPER, 94636 01616
hardipchumber57@gmail.com



ਸੰਗਰੂਰ, 8 ਅਗਸਤ (ਜਗਸੀਰ ਸਿੰਘ)-

ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਿੰਗ ਅਨੁਪਾਤ ਵਿੱਚ ਸਮਾਨਤਾ ਲਿਆਉਣ ਅਤੇ ਬੇਟੀ ਬਚਾਓ ਬੇਟੀ ਪੜਾਓ ਦੀ ਜਾਗਰੁਕਤਾ ਲਈ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਚੇਅਰਪਰਸਨ, ਜ਼ਿਲ੍ਹਾ ਐਪ੍ਰੋਪ੍ਰੀਏਟ ਅਥਾਰਟੀ ਕਮ ਸਿਵਲ ਸਰਜਨ ਸੰਗਰੂਰ ਡਾ. ਸੰਜੇ ਕਾਮਰਾ ਦੀ ਅਗਵਾਈ ਹੇਠ ਸਲਾਹਕਾਰ ਕਮੇਟੀ ਦੀ ਬੈਠਕ ਕੀਤੀ ਗਈ। ਮੀਟਿੰਗ ਵਿੱਚ ਸ਼ਾਮਿਲ ਹੋਏ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਸੰਜੇ ਕਾਮਰਾ ਨੇ ਕਿਹਾ ਕਿ ਲਿੰਗ ਅਨੁਪਾਤ ਵਿੱਚ ਸੁਧਾਰ ਲਿਆਉਣ ਲਈ ਮਾਨਸਿਕ ਸੋਚ ਬਦਲਣ ਦੀ ਜਰੂਰਤ ਹੈ । ਇਸ ਲਈ ਸਮਾਜ ਵਿੱਚ ਪੀ.ਸੀ.ਪੀ.ਐਨ. ਡੀ.ਟੀ. ਐਕਟ ਲਾਗੂ ਕਰਵਾਉਣ ਨਾਲ ਭਾਵੇਂ ਲਿੰਗ ਅਨੁਪਾਤ ਵਿੱਚ ਕਾਫੀ ਸੁਧਾਰ ਹੋਇਆ ਹੈ, ਪ੍ਰੰਤੂ ਅਜੇ ਹੋਰ ਸੁਧਾਰ ਲਈ ਕੁੜੀਆਂ ਪ੍ਰਤੀ ਸਮਾਜ ਦੀ ਮਾਨਸਿਕ ਸੋਚ ਬਦਲਣ ਦੀ ਜਰੂਰਤ ਹੈ। ਉਹਨਾਂ ਕਿਹਾ ਕਿ ਆਮ ਲੋਕਾਂ ਨੂੰ ਕੁੜੀ ਅਤੇ ਮੁੰਡੇ ਵਿੱਚ ਫਰਕ ਨਾ ਸਮਝਣ ਅਤੇ ਐਕਟ ਦੀਆਂ ਧਾਰਾਵਾਂ ਸਬੰਧੀ ਜਾਗਰੂਕ ਕਰਨ ਲਈ ਕੈਂਪ ਲਗਾਏ ਜਾਣ। ਇਸ ਮੌਕੇ ਪੀ.ਸੀ.ਪੀ.ਐਨ.ਡੀ.ਟੀ ਐਕਟ ਅਤੇ ਐਕਟ ਦੀ ਉਲਘੰਣਾ ਕਰਕੇ ਲਿੰਗ ਦੀ ਜਾਂਚ ਕਰਨ ਅਤੇ ਕਰਵਾਉਣ ਵਾਲਿਆਂ ਨੂੰ ਦਿੱਤੀਆਂ ਜਾਣ ਵਾਲੀਆ ਸਜਾਵਾਂ ਅਤੇ ਜੁਰਮਾਨੇ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਇਸ ਮੀਟਿੰਗ ਵਿੱਚ ਡਾ. ਕਾਮਰਾ ਨੇ ਸਮੂਹ ਮੈਂਬਰਾਂ ਨੂੰ ਅੱਜ ਦੇ ਏਜੰਡੇ ਬਾਰੇ ਵਿਸਥਾਰ ਸਹਿਤ ਜਾਣੂ ਕਰਵਾਇਆ। ਕਮੇਟੀ ਵੱਲੋਂ ਅਜੰਡੇ ਵਿੱਚ ਦਰਜ ਮੁੱਦਿਆਂ ਤੇ ਵਿਸਥਾਰ ਸਹਿਤ ਚਰਚਾ ਕਰਦਿਆਂ ਸਹਿਮਤੀ ਪ੍ਰਗਟ ਕੀਤੀ ਗਈ। ਸਿਵਲ ਸਰਜਨ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਗੈਰ ਕਾਨੂੰਨੀ ਤਰੀਕੇ ਨਾਲ ਕਿਸੇ ਵੱਲੋਂ ਲਿੰਗ ਜਾਂਚ ਕੀਤੀ ਜਾਂ ਕਰਵਾਈ ਜਾਂਦੀ ਹੈ ਉਸ ਦੀ ਸੂਚਨਾ ਤੁਰੰਤ ਸਿਹਤ ਵਿਭਾਗ ਨੂੰ ਦਿੱਤੀ ਜਾਵੇ, ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਸਿਹਤ ਵਿਭਾਗ ਵੱਲੋਂ ਲਿੰਗ ਨਿਰਧਾਰਣ ਟੈਸਟ ਦੀ ਜਾਣਕਾਰੀ ਦੇਣ ਵਾਲੇ ਨੂੰ 50 ਹਜ਼ਾਰ ਰੁਪਏ ਦਾ ਇਨਾਮ ਵੀ ਦਿੱਤਾਠ ਜਾਵੇਗਾ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ-ਕਮ-ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਵਿਕਾਸ ਧੀਰ,ਬੱਚਿਆਂ ਦੇ ਮਾਹਿਰ ਡਾ. ਇੰਦਰਮਨਜੋਤ ਸਿੰਘ, ਜ਼ਿਲ੍ਹਾ ਮਾਸ ਮੀਡੀਆ ਅਫਸਰ ਕਰਨੈਲ ਸਿੰਘ,ਕਾਨੂੰਨੀ ਮਾਹਿਰ ਸਾਲੇਨੀ ਡੀ.ਪੀ.ਸੀ. ਹਰਪ੍ਰੀਤ ਸਿੰਘ,ਸ਼ੋਸਲ ਵਰਕਰ ਸਰੋਜ ਰਾਣੀ,ਡਾ. ਰੂਹੀ ਜੋਸ਼ੀ, ਪੀ.ਐਨ.ਡੀ.ਟੀ ਸਹਾਇਕ ਲਖਬੀਰ ਕੌਰ ਹਾਜਰ ਸਨ l

ਸਫਾ 1 ਦੀ ਬਾਕੀ ਖਬਰ

ਰੂਸ, ਚੀਨ ਅਤੇ ਭਾਰਤ ਵਰਗੇ ਦੇਸ਼ ਸ਼ਾਮਲ ਹੋ ਗਏ ਹਨ। ਅਮਰੀਕਾ ਦੇ ਨਾਸਾ ਨੇ Artemis ਮਿਸ਼ਨ ਤਹਿਤ 2027 ਤੱਕ ਚੰਦਰਮਾ 'ਤੇ ਮਨੁੱਖਾਂ ਨੂੰ ਭੇਜਣ ਦੀ ਤਿਆਰੀ ਕਰ ਲਈ ਹੈ। ਇਸ ਦੇ ਨਾਲ ਹੀ, ਉਨ੍ਹਾਂ ਦਾ ਅਗਲਾ ਵੱਡਾ ਕਦਮ ਚੰਦਰਮਾ 'ਤੇ ਇਕ ਪ੍ਰਮਾਣੂ ਊਰਜਾ ਪਲਾਂਟ ਬਣਾਉਣਾ ਹੈ। ਨਾਸਾ ਨੇ ਇਸ ਲਈ ਇਕ ਵੱਡਾ ਬਜਟ ਵੀ ਮੰਗਿਆ ਹੈ, ਹਾਲਾਂਕਿ ਇਸ ਦੀ ਕੁੱਲ ਲਾਗਤ ਦਾ ਅੰਦਾਜ਼ਾ ਲਗਾਉਣਾ ਮੁਸ਼ਕਲ ਹੈ।

ਦੂਜੇ ਪਾਸੇ ਚੀਨ ਅਤੇ ਰੂਸ ਵੀ ਇਸ ਦੌੜ ਵਿਚ ਪਿੱਛੇ ਨਹੀਂ ਹਨ। ਦੋਵਾਂ ਦੇਸ਼ਾਂ ਨੇ ਮਿਲ ਕੇ 2035 ਤੱਕ ਚੰਦਰਮਾ 'ਤੇ ਇਕ ਪ੍ਰਮਾਣੂ ਰਿਐਕਟਰ ਸਥਾਪਤ ਕਰਨ ਦੀ ਯੋਜਨਾ ਬਣਾਈ ਹੈ। ਰੂਸ ਦੀ ਪੁਲਾੜ ਏਜੰਸੀ ਅਤੇ ਚੀਨ ਦੀ ਸੀ.ਐੱਨ.ਐੱਸ.ਏ. ਨੇ ਵੀ ਇਸ ਮਿਸ਼ਨ ਲਈ ਇਕ ਸਮਝੌਤੇ (ਐੱਮ.ਓ.ਯੂ.) 'ਤੇ ਦਸਤਖ਼ਤ ਕੀਤੇ ਹਨ।

ਇਸ ਦੌੜ ਵਿਚ ਭਾਰਤ ਦਾ ਇਸਰੋ ਵੀ ਸ਼ਾਮਲ ਹੈ ਪਰ ਇਸ ਦੀ ਰਫਤਾਰ ਦੂਜੇ ਦੇਸ਼ਾਂ ਨਾਲੋਂ ਹੌਲੀ ਹੈ। ਇਸਰੋ ਲਗਾਤਾਰ ਇਸ ਦਿਸ਼ਾ ਵਿਚ ਕੰਮ ਕਰ ਰਿਹਾ ਹੈ ਪਰ ਇਸ ਸਮੇਂ ਇਹ ਅਮਰੀਕਾ ਅਤੇ ਚੀਨ-ਰੂਸ ਤੋਂ ਬਹੁਤ ਪਿੱਛੇ ਜਾਪਦਾ ਹੈ। ਚੰਦਰਮਾ 'ਤੇ ਪ੍ਰਮਾਣੂ ਰਿਐਕਟਰ ਲਾਉਣ ਵਿਚ ਬਹੁਤ ਸਾਰੀਆਂ ਚੁਣੌਤੀਆਂ ਅਤੇ ਸਵਾਲ ਹਨ। ਜਿਵੇਂ ਕਿ ਕੀ ਰਿਐਕਟਰ ਤੋਂ ਰੇਡੀਏਸ਼ਨ ਲੀਕ ਹੋਣ ਦਾ ਖ਼ਤਰਾ ਹੋਵੇਗਾ, ਕੀ ਚੰਦਰਮਾ ਦੀ ਸਤ੍ਹਾ ਇੰਨੇ ਵੱਡੇ ਪ੍ਰਮਾਣੂ ਝਟਕੇ ਦਾ ਸਾਹਮਣਾ ਕਰਨ ਦੇ ਯੋਗ ਹੋਵੇਗੀ, ਕੀ ਇਹ ਕਦਮ ਭਵਿੱਖ ਵਿਚ ਚੰਦਰਮਾ 'ਤੇ ਮਨੁੱਖਾਂ ਨੂੰ ਵਸਾਉਣ ਦੇ ਸੁਫ਼ਨੇ ਨੂੰ ਖ਼ਤਰੇ ਵਿਚ ਪਾ ਦੇਵੇਗਾ, ਨਾਸਾ ਨੇ ਪਹਿਲਾਂ ਵੀ ਛੋਟੇ ਰੇਡੀਓ ਥਰਮਲ ਜਨਰੇਟਰ ਬਣਾਏ ਹਨ ਪਰ ਇਹ ਨਵਾਂ ਸਿਸਟਮ ਬਹੁਤ ਵੱਡਾ ਅਤੇ ਵਧੇਰੇ ਸ਼ਕਤੀਸ਼ਾਲੀ ਹੋਵੇਗਾ। ਇਨ੍ਹਾਂ ਚੁਣੌਤੀਆਂ ਨੂੰ ਹੱਲ ਕਰਨਾ ਸਾਰੇ ਦੇਸ਼ਾਂ ਲਈ ਇਕ ਵੱਡੀ ਪ੍ਰੀਖਿਆ ਹੋਵੇਗੀ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

ਬਾਬਾ ਸਾਹਿਬ ਕਹਿੰਦੇ ਹਨ

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਟਰੇਡ ਯੂਨੀਅਨਾਂ ਨੂੰ ਆਪਣੇ ਹਿੱਤਾਂ ਦੀ ਰਾਖੀ ਲਈ ਰਾਜਨੀਤੀ ਵਿੱਚ ਆਉਣਾ ਚਾਹੀਦਾ ਹੈ

'ਗ੍ਰੇਟ ਇੰਡੀਅਨ ਪ੍ਰਾਇਦੀਪ' (GIP) ਰੇਲਵੇ ਦੇ 'ਅਛੂਤ' ਮਜ਼ਦੂਰਾਂ ਦਾ ਇੱਕ ਸੰਮੇਲਨ 12 ਅਤੇ 13 ਫਰਵਰੀ, 1938 ਨੂੰ ਮਨਮਾੜ ਵਿਖੇ ਹੋਇਆ। ਡਾ. ਬੀ. ਆਰ. ਅੰਬੇਡਕਰ ਨੇ ਕਾਨਫਰੰਸ ਦੀ ਪ੍ਰਧਾਨਗੀ ਕਰਨ ਲਈ ਸਹਿਮਤੀ ਦਿੱਤੀ ਅਤੇ ਇਸ ਅਨੁਸਾਰ ਜੀ.ਆਈ.ਪੀ. ਰੇਲਵੇ ਦੀਆਂ ਸਾਰੀਆਂ ਸ਼ਾਖਾਵਾਂ ਵਿੱਚ ਇੱਕ



ਜਾਣਕਾਰੀ ਭਰਪੂਰ ਪੈਂਫਲੇਟ ਵੰਡਿਆ ਗਿਆ।

ਕਾਨਫਰੰਸ ਦੀ ਯੋਜਨਾ ਰੇਲਵੇ ਵਿੱਚ 'ਅਛੂਤ' ਮਜ਼ਦੂਰਾਂ ਨੂੰ ਅਛੂਤਤਾ ਦੇ ਅਭਿਆਸ ਕਾਰਨ ਦਰਪੇਸ਼ ਸਮੱਸਿਆਵਾਂ 'ਤੇ ਚਰਚਾ ਕਰਨ ਲਈ ਬਣਾਈ ਗਈ ਸੀ।

ਇਿਹਨਾਂ ਹਰੀਜਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਤਰਸਯੋਗ ਸਥਿਤੀ 'ਤੇ ਵਿਚਾਰ ਕਰਨ ਦੀ ਵੀ ਯੋਜਨਾ ਬਣਾਈ ਗਈ ਸੀ, ਭਾਵੇਂ ਕਿ ਰੇਲਵੇ ਭਾਰਤ ਵਿੱਚ ਸਭ ਤੋਂ ਖੁਸ਼ਹਾਲ ਅਤੇ ਮਜ਼ਬੂਤ ਸੰਗਠਨ ਹੈ।

ਡਾ. ਬੀ. ਆਰ. ਅੰਬੇਡਕਰ ਦੀ ਪ੍ਰਧਾਨਗੀ ਹੇਠ ਮਨਮਾੜ, ਭੁਸਾਵਲ, ਕਲਿਆਣ, ਇਗਤਪੁਰੀ, ਨੰਦਗਾਓਂ, ਦੌਂਦ, ਸੋਲਾਪੁਰ, ਠਾਣੇ ਅਤੇ ਮੁੰਬਈ ਦੇ ਮਜ਼ਦੂਰਾਂ ਨੇ ਕਾਨਫਰੰਸ ਵਿੱਚ ਹਿੱਸਾ ਲਿਆ। ਇਸ ਮੁੱਦੇ 'ਤੇ ਪਹਿਲਾਂ ਡਾ. ਅੰਬੇਡਕਰ ਨਾਲ ਚਰਚਾ ਕੀਤੀ ਗਈ ਸੀ। ਇਸ ਸਬੰਧ ਵਿੱਚ ਦਿੱਲੀ, ਇਲਾਹਾਬਾਦ, ਲਖਨਊ, ਕਾਨਪੁਰ, ਜਬਲਪੁਰ, ਰਾਏਪੁਰ ਆਦਿ ਤੋਂ ਸਕਾਰਾਤਮਕ ਹੁੰਗਾਰਾ ਮਿਲਿਆ।

ਇਸ ਕਾਨਫਰੰਸ ਨੂੰ ਸ਼ਾਨਦਾਰ ਢੰਗ ਨਾਲ ਸਫਲ ਬਣਾਉਣ ਦੀ ਅਪੀਲ ਕੀਤੀ ਗਈ ਸੀ। ਸ਼੍ਰੀ ਆਰ.ਆਰ. ਪਵਾਰ ਜੋ 'ਅਛੂਤ' ਰੇਲਵੇ ਕਰਮਚਾਰੀਆਂ ਵਿੱਚ ਬਹੁਤ ਮਸ਼ਹੂਰ ਸਨ, ਇਸ ਕਾਨਫਰੰਸ ਦੇ ਜਨਰਲ ਸਕੱਤਰ ਸਨ।

ਡਾ. ਬੀ.ਆਰ. ਅੰਬੇਡਕਰ ਅਤੇ ਸ਼੍ਰੀ ਆਰ.ਆਰ. ਪਵਾਰ, ਜਨਰਲ ਸਕੱਤਰ 'ਦਲਿਤ ਕਾਮਗਾਰ ਸੰਮੇਲਨ' ਮਨਮਾੜ ਵਿਚਕਾਰ ਪੱਤਰ ਵਿਹਾਰ ਤੋਂ ਪਤਾ ਚੱਲਦਾ ਹੈ ਕਿ ਕੁਝ ਅਟੱਲ ਕਾਰਨਾਂ ਕਰਕੇ ਡਾ. ਬੀ.ਆਰ. ਅੰਬੇਡਕਰ 29 ਅਤੇ 30 ਜਨਵਰੀ, 1938 ਨੂੰ ਇਸ ਕਾਨਫਰੰਸ ਵਿੱਚ ਸ਼ਾਮਲ ਨਹੀਂ ਹੋ ਸਕੇ ਸਨ ਅਤੇ ਇਸ ਦੀ ਬਜਾਏ ਉਨ੍ਹਾਂ ਨੇ ਇਸ ਕਾਨਫਰੰਸ ਲਈ 12 ਅਤੇ 13 ਫਰਵਰੀ, 1938 (ਸ਼ਨੀਵਾਰ ਅਤੇ ਐਤਵਾਰ) ਦੀਆਂ ਤਰੀਕਾਂ ਸੁਝਾਈਆਂ। ਇਹ ਪੱਤਰ ਵਿਹਾਰ ਕਾਨਫਰੰਸ ਦੇ ਹੈਂਡਬਿਲ ਵਿੱਚ ਸ਼ਾਮਲ ਸੀ।

ਮਨਮਾੜ ਰੇਲਵੇ ਸਟੇਸ਼ਨ ਦੇ ਨੇੜੇ ਸ਼੍ਰੀ ਇਬਰਾਹਿਮ ਤਾਜਭਾਈ ਸੇਠ ਦੇ ਖੁੱਲ੍ਹੇ ਮੈਦਾਨ ਵਿੱਚ ਕਾਨਫਰੰਸ ਲਈ ਇੱਕ ਵੱਡਾ ਪੰਡਾਲ ਬਣਾਇਆ ਗਿਆ ਸੀ ਅਤੇ ਇਸਦਾ ਨਾਮ 'ਦਲਿਤ - ਕਾਮਗਾਰ ਨਗਰ' ਰੱਖਿਆ ਗਿਆ ਸੀ।

ਡਾ. ਬੀ.ਆਰ. ਅੰਬੇਡਕਰ ਉਨ੍ਹਾਂ ਦੋਵਾਂ ਦਿਨਾਂ ਵਿੱਚ ਮਨਮਾੜ ਵਿੱਚ ਰਹੇ ਸਨ। ਇਸ ਸਮੇਂ ਦੌਰਾਨ ਉਹ ਸਤਾਨਾ ਅਤੇ ਕਾਜ਼ੀ ਸੰਗਵੀ ਗਏ।

ਸ਼ਨੀਵਾਰ 12 ਫਰਵਰੀ ਨੂੰ ਇੱਕ 'ਯੁਵਾ ਸੰਮੇਲਨ' ਆਯੋਜਿਤ ਕੀਤਾ ਗਿਆ ਜਿਸਦੀ ਪ੍ਰਧਾਨਗੀ ਡਾ. ਬੀ. ਆਰ. ਅੰਬੇਡਕਰ ਨੇ ਕੀਤੀ। ਇਸ ਸੰਮੇਲਨ ਵਿੱਚ 'ਸੁਤੰਤਰ ਲੇਬਰ ਪਾਰਟੀ' ਦੇ ਭਵਿੱਖ ਦੇ ਪ੍ਰੋਗਰਾਮਾਂ ਅਤੇ ਸਾਰੇ ਖੇਤਰਾਂ ਵਿੱਚ ਉਨ੍ਹਾਂ ਦੇ ਜ਼ੋਰਦਾਰ ਲਾਗੂਕਰਨ 'ਤੇ ਚਰਚਾ ਕੀਤੀ ਗਈ।

ਯੁਵਾ ਸੰਮੇਲਨ ਵਾਂਗ, ਐਤਵਾਰ 13 ਫਰਵਰੀ ਨੂੰ ਦੁਪਹਿਰ 3 ਵਜੇ ਪੁਣੇ ਦੀ ਇੱਕ ਵਰਕਰ ਸ਼੍ਰੀਮਤੀ ਮੈਨਾ ਬਾਈ ਸ਼ਾਮਰਾਓ ਭੋਲੇ ਦੀ ਪ੍ਰਧਾਨਗੀ ਹੇਠ ਇੱਕ 'ਅਛੂਤ ਮਹਿਲਾ ਸੰਮੇਲਨ' ਆਯੋਜਿਤ ਕੀਤਾ ਗਿਆ। ਸ਼੍ਰੀਮਤੀ ਵੇਣੂ ਬਾਈ ਰਵੀਕਾਂਤ ਜਾਧਵ ਨੂੰ ਇਸ ਸੰਮੇਲਨ ਦੀ ਸਵਾਗਤ ਕਮੇਟੀ ਦੀ ਪ੍ਰਧਾਨ ਚੁਣਿਆ ਗਿਆ। ਡਾ. ਬੀ. ਆਰ. ਅੰਬੇਡਕਰ ਨੇ ਇਨ੍ਹਾਂ ਔਰਤਾਂ ਨੂੰ ਅੰਦੋਲਨ ਬਾਰੇ ਸੰਬੋਧਨ ਕੀਤਾ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ।

ਇਨ੍ਹਾਂ ਦੋ ਦਿਨਾਂ ਦੌਰਾਨ ਕਈ ਤਰ੍ਹਾਂ ਦੇ ਮਨੋਰੰਜਨ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਸ ਸੰਮੇਲਨ ਲਈ ਚਾਲੀਸਗਾਓਂ ਤੋਂ ਇੱਕ ਬੈਂਡ ਵਿਸ਼ੇਸ਼ ਤੌਰ 'ਤੇ ਬੁਲਾਇਆ ਗਿਆ ਸੀ। ਪੰਡਾਲ ਵਿੱਚ ਲਾਊਡਸਪੀਕਰ ਲਗਾਏ ਗਏ ਸਨ। ਸ਼੍ਰੀ ਆਰ.ਆਰ. ਪਵਾਰ, ਸ਼੍ਰੀ ਬੰਕਰ, ਸ਼੍ਰੀ ਅਹੀਰੇ, ਸ਼੍ਰੀ ਖਰੇ, ਸ਼੍ਰੀ ਸੰਸਾਰੇ, ਸ਼੍ਰੀ ਪਾਟਿਲ, ਸ਼੍ਰੀ ਸਰੋਦੇ, ਸ਼੍ਰੀ ਮੋਰੇ, ਸ਼੍ਰੀ ਪਗਾਰੇ, ਸ਼੍ਰੀ ਤੇਲੂਰੇ ਆਦਿ ਨੇ ਕਾਨਫਰੰਸ ਨੂੰ ਸਫਲ ਬਣਾਉਣ ਲਈ ਬਹੁਤ ਮਿਹਨਤ ਕੀਤੀ।

ਇਸ ਮੌਕੇ 'ਤੇ, 'ਜਨਤਾ' ਹਫਤਾਵਾਰੀ ਅਤੇ ਸੁਤੰਤਰ ਲੇਬਰ ਪਾਰਟੀ ਲਈ ਕਾਨਫਰੰਸ ਅਹਾਤੇ ਵਿੱਚ ਵੱਖਰੇ ਦਫ਼ਤਰ ਸਥਾਪਤ ਕੀਤੇ ਗਏ ਸਨ, ਤਾਂ ਜੋ ਇਨ੍ਹਾਂ ਅੰਦੋਲਨਾਂ ਨਾਲ ਸਬੰਧਤ ਜਾਣਕਾਰੀ ਇਕੱਠੀ ਕੀਤੀ ਜਾ ਸਕੇ, ਨਾਲ ਹੀ 'ਜਨਤਾ' ਲਈ ਸਾਲਾਨਾ ਗਾਹਕੀ ਅਤੇ 'ਸੁਤੰਤਰ ਲੇਬਰ ਪਾਰਟੀ' ਦੀ ਮੈਂਬਰਸ਼ਿਪ ਫੀਸ ਵੀ ਇਕੱਠੀ ਕੀਤੀ ਜਾ ਸਕੇ।

### ਕਾਨਫਰੰਸ

12 ਅਤੇ 13 ਫਰਵਰੀ, 1938 ਨੂੰ ਕਾਨਫਰੰਸ ਸਫਲਤਾਪੂਰਵਕ ਆਯੋਜਿਤ ਕੀਤੀ ਗਈ। ਦਲਿਤ ਕਾਮਗਾਰ ਨਗਰ ਨੂੰ ਚੰਗੀ ਤਰ੍ਹਾਂ ਸਜਾਇਆ ਗਿਆ ਸੀ। ਲਗਭਗ ਵੀਹ ਹਜ਼ਾਰ ਡੈਲੀਗੇਟਾਂ ਲਈ ਬੈਠਣ ਦਾ ਪ੍ਰਬੰਧ ਕੀਤਾ ਗਿਆ ਸੀ। ਪ੍ਰਧਾਨ ਅਤੇ ਹੋਰ ਵਰਕਰਾਂ ਲਈ ਇੱਕ ਵੱਖਰਾ ਸਟੇਜ ਤਿਆਰ ਕੀਤਾ ਗਿਆ ਸੀ। ਫੁੱਲਾਂ ਨਾਲ ਸਜਾਏ ਡਾ. ਬੀ. ਆਰ. ਅੰਬੇਡਕਰ ਦੀ

"ਇਕੁਐਲਿਟੀ ਐਂਡ ਜਸਟਿਸ" "Equality and Justice" Rs- 100/month स्वतंत्रता, समानता, भाईचारा

ਇੱਕ ਵੱਡੀ ਤਸਵੀਰ ਦੇ ਨਾਲ ਵੱਖ-ਵੱਖ ਵਰਕਰਾਂ ਦੀਆਂ ਤਸਵੀਰਾਂ ਲਈਆਂ ਗਈਆਂ ਸਨ। ਔਰਤਾਂ, ਸਵਾਗਤ ਕਮੇਟੀ ਦੇ ਮੈਂਬਰਾਂ ਅਤੇ ਵਿਸ਼ੇਸ਼ ਸੱਦੇਦਾਰਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਡਾ. ਬੀ. ਆਰ. ਅੰਬੇਡਕਰ ਦਾ ਸ਼ਨੀਵਾਰ ਸ਼ਾਮ ਨੂੰ ਦਲਿਤ ਕਾਮਗਾਰ ਨਗਰ ਵਿਖੇ ਸਵਾਗਤ ਕੀਤਾ ਗਿਆ ਅਤੇ ਇਸ ਮੌਕੇ ਬੈਂਡ ਨੇ 'ਡਾ. ਬਾਬਾ ਸਾਹਿਬ ਅੰਬੇਡਕਰ ਜ਼ਿੰਦਾਬਾਦ', 'ਵਰਕਰਾਂ ਦੀ ਜਿੱਤ' ਆਦਿ ਦੇ ਨਾਅਰੇ ਵਜਾਏ ਜਦੋਂ ਤੱਕ ਉਹ ਸਟੇਜ 'ਤੇ ਆਪਣੀ ਜਗ੍ਹਾ ਨਹੀਂ ਲੈ ਗਏ।

ਸ਼ੁਰੂ ਵਿੱਚ ਕੁਝ ਨੌਜਵਾਨਾਂ ਅਤੇ ਔਰਤਾਂ ਨੇ ਕੁਝ ਗੀਤ ਗਾਏ। ਸ਼੍ਰੀ ਸ਼ੰਕਰਰਾਓ ਸਾਲਵੇ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਬਹੁਤ ਮਿਹਨਤ ਕੀਤੀ। ਸ਼੍ਰੀ ਪੀ. ਐਨ. ਬੰਕਰ ਨੇ ਆਪਣਾ ਸਵਾਗਤ ਭਾਸ਼ਣ ਪੜ੍ਹਿਆ। ਸ਼੍ਰੀ ਰਾਮਚੰਦਰ ਪਵਾਰ ਨੇ ਡੈਲੀਗੇਟਾਂ ਅਤੇ ਸੱਦੇਦਾਰਾਂ ਦਾ ਸਵਾਗਤ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨੇ ਮਹਾੜ ਦੇ ਸੂਬੇਦਾਰ ਵਿਸ਼ਰਾਮ ਗੰਗਾਰਾਮ ਸਾਵਡਕਰ ਅਤੇ ਭਾਈ ਅਨੰਤਰਾਓ ਚਿੱਤਰੇ ਦੁਆਰਾ ਵਿਸ਼ੇਸ਼ ਤੌਰ 'ਤੇ ਭੇਜੇ ਗਏ ਵੱਖ-ਵੱਖ ਸੰਦੇਸ਼ ਪੜ੍ਹੇ।

ਸ਼ਨੀਵਾਰ 12 ਫਰਵਰੀ, 1938 ਨੂੰ, ਡਾ. ਬੀ. ਆਰ. ਅੰਬੇਡਕਰ ਨੂੰ ਕਾਨਫਰੰਸ ਦਾ ਪ੍ਰਧਾਨ ਚੁਣਿਆ ਗਿਆ। ਉਨ੍ਹਾਂ ਦੀ ਪ੍ਰਧਾਨਗੀ ਦੀ ਚੋਣ ਦਾ ਦਰਸ਼ਕਾਂ ਵੱਲੋਂ ਜ਼ੋਰਦਾਰ ਤਾੜੀਆਂ ਨਾਲ ਸਵਾਗਤ ਕੀਤਾ ਗਿਆ। ਪ੍ਰਧਾਨ ਦੀ ਕੁਰਸੀ ਸੰਭਾਲਣ ਅਤੇ ਦਰਸ਼ਕਾਂ ਨੂੰ ਹਾਰ ਪਹਿਨਾਉਣ ਤੋਂ ਬਾਅਦ, ਡਾ. ਅੰਬੇਡਕਰ ਨੇ ਉਦਘਾਟਨੀ ਭਾਸ਼ਣ ਦਿੱਤਾ।

ਦੂਜੇ ਦਿਨ, ਯਾਨੀ ਐਤਵਾਰ 13 ਫਰਵਰੀ, 1938 ਨੂੰ, ਕਾਨਫਰੰਸ ਦਾ ਨਿਯਮਤ ਕੰਮ ਕੁਝ ਦੇਰੀ ਨਾਲ ਸ਼ੁਰੂ ਹੋਇਆ। ਸੂਰਜ ਦੀ ਤੇਜ਼ ਗਰਮੀ ਦੇ ਬਾਵਜੂਦ ਡਾ. ਬੀ. ਆਰ. ਅੰਬੇਡਕਰ ਦੇ ਭਾਸ਼ਣ ਨੂੰ ਸੁਣਨ ਲਈ ਦਲਿਤ ਕਾਮਗਾਰ ਨਗਰ ਵਿੱਚ ਇੱਕ ਵੱਡੀ ਭੀੜ ਇਕੱਠੀ ਹੋਈ ਸੀ। ਉਹ ਦਰਸ਼ਕਾਂ ਵੱਲੋਂ ਭਾਰੀ ਤਾੜੀਆਂ ਦੇ ਵਿਚਕਾਰ ਆਪਣਾ ਭਾਸ਼ਣ ਦੇਣ ਲਈ ਖੜ੍ਹੇ ਹੋਏ।

**ਲੇਖ ਦਾ ਬਾਕੀ ਭਾਗ ਕਲ.....**

# ਪ੍ਰਸ਼ਾਸਨ ਦੀ ਅਣਗਹਿਲੀ ਕਾਰਨ ਹਲਕਾ ਖਡੂਰ ਸਾਹਿਬ ਦੇ ਦਰਜਨਾਂ ਪਿੰਡਾਂ ਦੀ 12,000 ਏਕੜ ਫ਼ਸਲ ਤਬਾਹ - ਬ੍ਰਹਮਪੁਰਾ

**- ਹੜ੍ਹ ਪੀੜਤ ਕਿਸਾਨਾਂ ਦੇ ਕਰਜ਼ੇ ਅਤੇ ਬਿਜਲੀ ਬਿੱਲ ਤੁਰੰਤ ਮੁਆਫ਼ ਕਰੇ ਸਰਕਾਰ - ਬ੍ਰਹਮਪੁਰਾ , - ਖਡੂਰ ਸਾਹਿਬ 'ਚ 12,000 ਏਕੜ ਫ਼ਸਲ ਡੁੱਬੀ, 'ਆਪ' ਸਰਕਾਰ 50 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਕੇ ਕਿਸਾਨਾਂ ਦੀ ਬਾਂਹ ਫੜੇ।**

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com

ਤਰਨ ਤਾਰਨ 08 ਅਗਸਤ 2025: ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ 'ਤੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਬਿਆਸ ਦਰਿਆ 'ਚ ਪਾਣੀ ਵਧਣ ਕਾਰਨ ਹਲਕੇ ਦੇ ਕਿਸਾਨਾਂ ਦੇ ਹੋਏ ਭਾਰੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਇਸ ਨੂੰ ਸਿੱਧੇ ਤੌਰ 'ਤੇ 'ਆਪ' ਸਰਕਾਰ ਅਤੇ ਪ੍ਰਸ਼ਾਸਨ ਦੀ ਨਾਕਾਮੀ ਕਰਾਰ ਦਿੱਤਾ ਹੈ।

ਬ੍ਰਹਮਪੁਰਾ ਨੇ ਕਿਹਾ ਕਿ ਇਹ ਬਹੁਤ ਅਫ਼ਸੋਸਨਾਕ ਹੈ ਕਿ ਪ੍ਰਸ਼ਾਸਨ ਨੇ ਦਰਿਆ 'ਚ ਪਾਣੀ ਦਾ ਪੱਧਰ ਵਧਣ ਬਾਰੇ ਕਿਸਾਨਾਂ ਨੂੰ ਸਮੇਂ ਸਿਰ ਕੋਈ ਅਗਾਊਂ ਸੂਚਨਾ ਨਹੀਂ ਦਿੱਤੀ, ਜਿਸ ਕਾਰਨ ਖਡੂਰ ਹਲਕੇ ਦੇ ਪਿੰਡ ਮੁੰਡਾ ਪਿੰਡ, ਗੋਇੰਦਵਾਲ ਸਾਹਿਬ, ਵੈਰੋਵਾਲ, ਧੁੰਦਾ, ਚੰਬਾ ਕਲਾਂ ਅਤੇ ਹੋਰਨਾਂ ਲਗਭਗ 20 ਪਿੰਡਾਂ ਦੀ 12,000 ਏਕੜ ਤੋਂ ਵੱਧ ਝੋਨੇ ਅਤੇ ਪਸ਼ੂਆਂ ਦੇ ਚਾਰੇ ਦੀ ਫ਼ਸਲ ਪੂਰੀ ਤਰ੍ਹਾਂ ਪਾਣੀ ਵਿੱਚ ਡੁੱਬ ਕੇ ਬਰਬਾਦ ਹੋ ਗਈ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਕਿਸਾਨ ਵਿਰੋਧੀ ਚਿਹਰੇ ਦਾ ਇਸ ਤੋਂ ਵੱਡਾ ਸਬੂਤ ਕੀ ਹੋ ਸਕਦਾ ਹੈ ਕਿ ਕੁਦਰਤੀ ਆਫ਼ਤ ਦੀ ਇਸ ਘੜੀ ਵਿੱਚ ਹਾਲੇ ਤੱਕ ਕੋਈ ਵੀ ਸਰਕਾਰੀ ਨੁਮਾਇੰਦਾ ਪੀੜਤ ਕਿਸਾਨਾਂ ਦੀ ਸਾਰ ਲੈਣ ਨਹੀਂ ਪਹੁੰਚਿਆ।

ਬ੍ਰਹਮਪੁਰਾ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕਰਦਿਆਂ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਤੁਰੰਤ ਸਪੈਸ਼ਲ ਗਿਰਦਾਵਰੀ ਕਰਵਾ ਕੇ ਪੀੜਤ ਕਿਸਾਨਾਂ ਨੂੰ ਘੱਟੋ-ਘੱਟ 50,000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਫੌਰੀ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਪੀੜਤ ਕਿਸਾਨਾਂ ਦੇ ਖੇਤੀ ਕਰਜ਼ੇ, ਬਿਜਲੀ ਬਿੱਲ ਅਤੇ ਸਹਿਕਾਰੀ ਸਭਾਵਾਂ ਦੀਆਂ ਦੇਣਦਾਰੀਆਂ ਮੁਆਫ਼ ਕੀਤੀਆਂ ਜਾਣ ਅਤੇ ਪਸ਼ੂਆਂ ਲਈ ਹਰੇ ਅਤੇ ਸੁੱਕੇ ਚਾਰੇ ਦਾ ਤੁਰੰਤ ਸਰਕਾਰੀ ਪੱਧਰ 'ਤੇ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਅਧਿਕਾਰੀਆਂ ਦੀ ਲਾਪਰਵਾਹੀ ਕਾਰਨ ਕਿਸਾਨਾਂ ਦਾ ਇਹ ਨੁਕਸਾਨ ਹੋਇਆ ਹੈ, ਉਨ੍ਹਾਂ ਦੀ ਜ਼ਿੰਮੇਵਾਰੀ ਤੈਅ ਕਰਕੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਬ੍ਰਹਮਪੁਰਾ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਹੀ ਕਿਸਾਨਾਂ ਨੂੰ ਰਾਹਤ ਦੇਣ ਲਈ ਕਦਮ ਨਾ ਚੁੱਕੇ ਤਾਂ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਅਤੇ ਕਿਸਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਸਥਾਨਕ ਪ੍ਰਸ਼ਾਸਨ ਖ਼ਿਲਾਫ਼ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ।

# ਲੈਂਡ ਪੂਲਿੰਗ ਸਕੀਮ ਰੱਦ ਕਰਵਾਉਣ ਲਈ ਬਠਿੰਡਾ ਸ਼ਹਿਰੀ ਕਾਂਗਰਸ ਨੇ ਦਿੱਤਾ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 08 ਅਗਸਤ INTERNATIONAL PAPER, 94636 01616 hardipchumber57@gmail.com




ਬਠਿੰਡਾ, 8ਅਗਸਤ 2025 : ਲੈਂਡ ਪੂਲਿੰਗ ਸਕੀਮ ਰੱਦ ਕਰਵਾਉਣ ਲਈ ਕਾਂਗਰਸ ਅੱਜ ਸੜਕਾਂ ਤੇ ਉਤਰਦੀ ਹੋਈ ਨਜ਼ਰ ਆਈ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ ਦੀ ਅਗਵਾਈ ਹੇਠ ਬਠਿੰਡਾ ਸ਼ਹਿਰੀ ਕਾਂਗਰਸ ਦੇ ਆਗੂਆਂ ਨੇ ਗਵਰਨਰ ਪੰਜਾਬ ਦੇ ਨਾਮ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਮੰਗ ਪੱਤਰ ਦਿੱਤਾ। ਮੰਗ ਪੱਤਰ ਰਾਹੀਂ ਕਾਂਗਰਸੀ ਆਗੂਆਂ ਨੇ ਲੈਂਡ ਪੂਲਿੰਗ ਨੀਤੀ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਅਤੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਇਹ ਫੈਸਲਾ ਨਾ ਬਦਲਿਆ ਤਾਂ ਕਾਂਗਰਸ ਪਾਰਟੀ ਸੜਕਾਂ ਤੇ ਉੱਤਰ ਕੇ ਵਿਰੋਧ ਕਰੇਗੀ। ਇਸ ਮੌਕੇ ਕੇਕੇ ਅਗਰਵਾਲ ਸਾਬਕਾ ਚੇਅਰਮੈਨ, ਸਾਬਕਾ ਮੇਅਰ ਅਸ਼ੋਕ ਕੁਮਾਰ, ਸਾਬਕਾ ਜ਼ਿਲਾ ਪ੍ਰਧਾਨ ਅਰੁਣ ਵਧਾਵਣ, ਡਾਰੈਕਟਰ ਮਾਰਕ ਫੈਡ ਟਹਿਲ ਸਿੰਘ ਸੰਧੂ, ਕਿਰਨਜੀਤ ਸਿੰਘ ਗਹਿਰੀ, ਮੀਤ ਪ੍ਰਧਾਨ ਰੁਪਿੰਦਰ ਬਿੰਦਰਾ, ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਠੇਕੇਦਾਰ, ਹਰਵਿੰਦਰ ਬਲਾਕ ਪ੍ਰਧਾਨ ਹਰਵਿੰਦਰ ਲੱਡੂ ਮਾਧਵ ਸ਼ਰਮਾ ਬਲਾਕ ਪ੍ਰਧਾਨ ਸਮੇਤ ਕਾਂਗਰਸੀ ਆਗੂ ਅਤੇ ਵੱਖ ਵੱਖ ਵਿੰਗਾਂ ਨੇ ਅਹੁਦੇਦਾਰ ਸ਼ਾਮਿਲ ਸਨ।

ਇਸ ਮੌਕੇ ਰਾਜਨ ਗਰਗ ਨੇ ਕਿਹਾ ਕਿ ਪੰਜਾਬ ਸਰਕਾਰ ਲੈਂਡ ਪੂਲਿੰਗ ਸਕੀਮ ਨੀਤੀ ਤਹਿਤ ਕਿਸਾਨੀ ਖਿੱਤੇ ਨੂੰ ਬਰਬਾਦ ਕਰਨਾ ਚਾਹੁੰਦੀ ਹੈ ਜਿਸ ਨਾਲ ਸੂਬੇ ਦੀ ਅਰਥ ਵਿਵਸਥਾ ਖਤਮ ਹੋ ਕੇ ਰਹਿ ਜਾਏਗੀ ਕਿਉਂਕਿ ਖੇਤੀ ਧੰਦੇ ਤੋਂ ਹੀ 80 ਹਜਾਰ ਕਰੋੜ ਰੁਪਏ ਸਲਾਨਾ ਦੀ ਆਮਦਨ ਹੁੰਦੀ ਹੈ ਜਿਸ ਨਾਲ ਸਾਰੇ ਕਾਰੋਬਾਰ ਚੱਲਦੇ ਹਨ । ਉਹਨਾਂ ਕਿਹਾ ਕਿ ਜੇਕਰ ਇਸ ਸਕੀਮ ਨਾਲ ਕਿਸਾਨਾਂ ਤੋਂ ਜਮੀਨ ਹੀ ਖੋ ਲਈ ਤਾਂ ਫਿਰ ਸੂਬੇ ਦੀ ਅਰਥ ਵਿਵਸਥਾ ਵੀ ਕੋਈ ਨਹੀਂ ਬਚਾ ਸਕੇਗਾ ਜਿਸ ਕਰਕੇ ਕਾਂਗਰਸ ਪਾਰਟੀ ਇਸ ਨੀਤੀ ਦਾ ਵਿਰੋਧ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਸਕੀਮ ਨੂੰ ਮੁੱਢੋ ਰੱਦ ਕੀਤਾ ਜਾਵੇ। ਉਹਨਾਂ ਕਿਹਾ ਕਿ ਜਦੋਂ ਵੀ ਕਾਂਗਰਸ ਸਰਕਾਰ ਆ ਗਈ ਤਾਂ ਇਸ ਪੋਲਸੀ ਨੂੰ ਪਹਿਲ ਦੇ ਅਧਾਰ ਤੇ ਰੱਦ ਕੀਤਾ ਜਾਵੇਗਾ ਤੇ ਅਕਵਾਇਰ ਜਮੀਨਾਂ ਵੀ ਵਾਪਸ ਕਰਵਾਈਆਂ ਜਾਣਗੀਆਂ। ਇਸ ਮੌਕੇ ਕਾਂਗਰਸੀ ਆਗੂਆਂ ਨੇ ਅਫਸਰ ਸ਼ਾਹੀ ਨੂੰ ਵੀ ਚਿਤਾਵਨੀ ਦਿੱਤੀ ਕਿ ਉਹ ਵੀ ਸੂਬੇ ਦੀ ਅਰਥ ਵਿਵਸਥਾ ਨੂੰ ਖਤਮ ਕਰਨ ਦੇ ਫੈਸਲਿਆਂ ਤੇ ਸਹਿਮਤੀ ਨਾ ਪ੍ਰਗਟਾਉਣ ਅਤੇ ਪੰਜਾਬ ਪ੍ਰਤੀ ਬਣਦੀ ਜਿੰਮੇਵਾਰੀ ਨਿਭਾਉਣ। ਇਸ ਮੌਕੇ ਸਾਜਨ ਸ਼ਰਮਾ ਸੁਨੀਲ ਕੁਮਾਰ ਅਸ਼ੀਸ਼ ਕਪੂਰ ਸਿੰਘ ਰੂਪ ਸਿੰਘ ਹਰਮਨ ਕੋਟ ਫੱਤਾ ਜਗਦੀਸ਼ ਖਰਾਣਾ ਹਰਪਾਲ ਬਾਜਵਾ ਦੂਲੀ ਚੰਦ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਹਾਜ਼ਰ ਸਨ। ਜਾਰੀ ਕਰਤਾ ਰੁਪਿੰਦਰ ਬਿੰਦਰਾ ਮੀਤ ਪ੍ਰਧਾਨ ਬਠਿੰਡਾ।

# ਗੰਦੇ ਅਤੇ ਅਸ਼ਲੀਲ ਪੋਸਟਰਾਂ ਦੇ ਲਗਾਉਣ ਤੇ ਮੁਕੰਮਲ ਪਾਬੰਦੀ ਦੇ ਹੁਕਮ

"Equality and justice" Patiala 08 August INTERNATIONAL PAPER, 9463601616 hardipchumber57@gmail.com

ਮਾਨਸਾ, 08 ਅਗਸਤ : (ਆਤਮਾ ਸਿੰਘ ਪਮਾਰ) ਡਿਪਟੀ ਕਮਿਸ਼ਨਰ ਸ੍ਰੀ ਕੁਲਵੰਤ ਸਿੰਘ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰ ਵਰਤਦਿਆਂ ਜ਼ਿਲ੍ਹਾ ਮਾਨਸਾ ਦੀ ਸੀਮਾ ਅੰਦਰ ਸਰਕਾਰੀ/ਗੈਰ ਸਰਕਾਰੀ ਇਮਾਰਤਾਂ/ਥਾਵਾਂ ਤੇ ਗੰਦੇ ਅਤੇ ਅਸ਼ਲੀਲ ਪੋਸਟਰਾਂ ਦੇ ਲਗਾਉਣ ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਧਿਆਨ ਵਿੱਚ ਆਇਆ ਹੈ ਕਿ ਮਾਨਸਾ ਜ਼ਿਲ੍ਹੇ ਵਿੱਚ ਸਰਕਾਰੀ ਅਤੇ ਗੈਰ ਸਰਕਾਰੀ ਇਮਾਰਤਾਂ, ਥਾਵਾਂ, ਸਿਨੇਮਿਆਂ ਅਤੇ ਵੀਡੀਓ ਹਾਲਾਂ ਤੇ ਅਕਸਰ ਆਮ ਤੌਰ ਤੇ ਗੰਦੇ ਅਤੇ ਅਸ਼ਲੀਲ ਪੋਸਟਰ ਲਗਾਏ ਜਾਂਦੇ ਹਨ। ਇਨ੍ਹਾਂ ਨਾਲ ਪੜ੍ਹਨ ਵਾਲੇ ਆਮ ਲੋਕਾਂ ਤੋਂ ਇਲਾਵਾ ਲੜਕੇ ਅਤੇ ਲੜਕੀਆਂ ਦੇ ਆਚਰਣ ਤੇ ਭੈੜਾ ਅਸਰ ਪੈਂਦਾ ਹੈ। ਇਸ ਨਾਲ ਪੈਦੇ ਬੁਰੇ ਪ੍ਰਭਾਵ ਨੂੰ ਰੋਕਣ ਲਈ ਇਨ੍ਹਾਂ ਅਸ਼ਲੀਲ ਪੋਸਟਰਾਂ ਦੀ ਰੋਕਥਾਮ ਅਤਿ ਜ਼ਰੂਰੀ ਹੋ ਜਾਂਦੀ ਹੈ।

ਇਹ ਹੁਕਮ 30 ਸਤੰਬਰ 2025 ਤੱਕ ਲਾਗੂ ਰਹੇਗਾ।

# ਨਸ਼ੇੜੀ, ਆਂਗਣਵਾੜੀ ਮਹਿਲਾ ਤੋਂ ਪਰਸ ਖੋਹ ਕੇ ਭੱਜਿਆ, ਲੋਕਾਂ ਨੇ ਦਬੋਚਿਆ, ਕਿਹਾ - ਨਸ਼ੇ ਲਈ ਪੈਸੇ ਨਾ ਹੋਣ ਕਾਰਨ ਝਪਟਿਆ ਪਰਸ,,

"Equality and justice" Patiala 08 August INTERNATIONAL PAPER, 9463601616 hardipchumber57@gmail.com

ਮਾਨਸਾ 8 ਅਗਸਤ (ਆਤਮਾ ਸਿੰਘ ਪਮਾਰ) ਸ਼ਹਿਰ ਦੇ ਵਨ ਵੇ ਟਰੈਫਿਕ ਰੋਡ ਤੇ ਇੱਕ ਨਸ਼ੇੜੀ ਨੌਜਵਾਨ ਆਂਗਣਵਾੜੀ ਮਹਿਲਾ ਦਾ ਪਰਸ ਖੋਹ ਕੇ ਭੱਜ ਗਿਆ, ਜਿਸ ਨੂੰ ਲੋਕਾਂ ਨੇ ਦਬੋਚ ਕੇ ਉਸਦਾ ਕੁਟਾਪਾ ਚਾੜਿਆ ਤੇ ਬਾਅਦ ‘ਚ ਪੁਲਿਸ ਹਵਾਲੇ ਕਰ ਦਿੱਤਾ। ਨਸ਼ੇੜੀ ਦਾ ਕਹਿਣਾ ਹੈ, ਨਸ਼ੇ ਦੀ ਤੋੜ ਲਗਣ ਕਾਰਨ ਅਤੇ ਨਸ਼ਾ ਕਰਨ ਲਈ ਉਸਨੇ ਇਹ ਸਭ ਕੁੱਝ ਕੀਤਾ ਹੈ। ਪਤਾ ਲੱਗਾ ਹੈ ਕਿ ਉਸਦੀ ਪਹਿਚਾਣ ਸੰਨੀ ਸਿੰਘ ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ ਵੀਰਵਾਰ ਸਵੇਰੇ ਆਂਗਣਵਾੜੀ ਵਰਕਰ ਹਰਬੰਸ ਕੌਰ ਆਪਣੀ ਡਿਊਟੀ ਤੇ ਜਾਂਣ ਸਮੇਂ ਵਨ ਵੇ ਟਰੈਫਿਕ ਰੋਡ ਲਾਗਿਓ ਲੰਘ ਰਹੀ ਸੀ, ਇਸ ਦੌਰਾਨ ਸੁੰਨਾ ਜਿਹਾ ਮਾਹੌਲ ਦੇਖ ਕੇ ਤਾਕ ਚ ਬੈਠਾ ਇੱਕ ਨੌਜਵਾਨ ਉਸ ਦਾ ਪਰਸ ਝਪਟ ਕੇ ਭੱਜ ਨਿਕਲਿਆ। ਆਂਗਣਵਾੜੀ ਮਹਿਲਾ ਨੇ ਰੌਲਾ ਪਾਇਆ ਤੇ ਉਸਦਾ ਪਿੱਛਾ ਕੀਤਾ।ਰੌਲਾ ਸੁਣ ਲੋਕ ਇਕੱਤਰ ਹੋ ਗਏ ਤੇ ਲੋਕਾਂ ਨੇ ਲੁਟੇਰੇ ਨੂੰ ਅੱਗੇ ਜਾ ਕੇ ਦਬੋਚ ਲਿਆ। ਲੋਕਾਂ ਨੇ ਉਸਦਾ ਕੁਟਾਪਾ ਚਾੜਿਆ ਤੇ ਮੌਕੇ ਤੇ ਉਸਨੂੰ ਪੁਲਸ ਹਵਾਲੇ ਕਰ ਦਿੱਤਾ।ਝਪਟਮਾਰ ਨੇ ਦੱਸਿਆ ਕਿ ਉਹ ਕੋਈ ਚੋਰ ਨਹੀ ਹੈ, ਨਸ਼ੇ ਕਰਨ ਦਾ ਆਦੀ ਹੈ। ਨਸ਼ੇ ਦੀ ਭਲ ਨੂੰ ਪੂਰਾ ਕਰਨ ਤੇ ਨਸ਼ੇ ਦਾ ਇੰਤਜਾਮ ਕਰਨ ਲਈ ਇਹ ਸਭ ਕੁੱਝ ਕਰ ਬੈਠਾ। ਇਸ ਦੌਰਾਨ ਸੀਪੀਆਈ ਦੇ ਜਿਲਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ ਨੇ ਦੱਸਿਆ ਕਿ ਸ਼ਹਿਰ ਵਿਚ ਅਜਿਹੇ ਲੁਟੇਰਿਆ ਦੀ ਗਿਣਤੀ ਵਧ ਗਈ ਹੈ,ਜੋ ਅਕਸਰ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦੇ ਰਹੇ ਹਨ।

ਜਦੋਂ ਔਰਤ ਨੇ ਰੌਲਾ ਪਾਇਆ ਤਾਂ ਆਲੇ-ਦੁਆਲੇ ਦੇ ਲੋਕ ਤੁਰੰਤ ਸਰਗਰਮ ਹੋ ਗਏ। ਉਨ੍ਹਾਂ ਨੇ ਮੋਟਰਸਾਈਕਲ ‘ਤੇ ਨੌਜਵਾਨ ਦਾ ਪਿੱਛਾ ਕੀਤਾ ਅਤੇ ਉਸਨੂੰ ਫੜ ਲਿਆ। ਫੜੇ ਜਾਣ ਤੋਂ ਬਾਅਦ, ਨੌਜਵਾਨ ਨੇ ਮੰਨਿਆ ਕਿ ਉਹ ਪਿਛਲੇ ਇੱਕ ਸਾਲ ਤੋਂ ਨਸ਼ੇ ਦਾ ਆਦੀ ਹੈ। ਉਸਨੇ ਕਿਹਾ ਕਿ ਇਹ ਕਦਮ ਇਸ ਲਈ ਚੁੱਕਿਆ ਹੈ ਕਿਉਂਕਿ ਉਸਦੇ ਕੋਲ ਨਸ਼ੇ ਲਈ ਪੈਸੇ ਨਹੀਂ ਸਨ।

ਪੀੜਤ ਆਂਗਣਵਾੜੀ ਮਹਿਲਾ ਹਰਬੰਸ ਕੌਰ ਨੇ ਦੱਸਿਆ ਕਿ ਉਸਦੇ ਪਰਸ ਵਿੱਚ ਕੁੱਝ ਨਗਦੀ ਅਤੇ ਦੋ ਮੋਬਾਈਲ ਫੋਨ ਸਨ, ਇੱਕ ਫੋਨ ਭਲਕੇ ਨਵਾਂ ਖਰੀਦਿਆ ਸੀ। ਪਰਸ ਨਾ ਮਿਲਦਾ ਤਾਂ ਉਸਦਾ ਬਹੁਤ ਨੁਕਸਾਨ ਹੋ ਜਾਂਦਾ।ਮੌਕੇ ਤੇ ਪੁੱਜੇ ਥਾਣਾ ਸਿਟੀ -2 ਦੇ ਮੁਖੀ ਬਲਵੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਆਪਣੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸੋਸ਼ਲ ਮੀਡੀਆ ’ਤੇ ਸ਼ੇਅਰ ਬਜਾਰ ਪ੍ਰਤੀ ਹੋ ਰਿਹਾ ਗੁੰਮਰਾਹਕੁੰਨ ਪ੍ਰਚਾਰ, ਨੌਜਵਾਨ ਪੀੜ੍ਹੀ ਬਚੇ : ਪਰਮਜੀਤ ਸੱਚਦੇਵਾ

## ਸੀ.ਟੀ. ਗਰੁੱਪ ਦੇ ਮਕਸੂਦਾ ਕੈਂਪਸ ਵਿਖੇ ਸ਼ੇਅਰ ਬਾਜ਼ਾਰ ਬਾਰੇ ਸੈਮੀਨਾਰ

"Equality and justice" Patiala 08 August INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ 8 ਅਗਸਤ ( ਤਰਸੇਮ ਦੀਵਾਨਾ ) ਨੌਜਵਾਨ ਪੀੜ੍ਹੀ ਨੂੰ ਸੋਸ਼ਲ ਮੀਡੀਆ ਰਾਹੀਂ ਸ਼ੇਅਰ ਬਾਜ਼ਾਰ ਪ੍ਰਤੀ ਗਲਤ ਜਾਣਕਾਰੀ ਨੂੰ ਵੇਚਿਆ ਜਾ ਰਿਹਾ ਹੈ, ਜਿਸ ਤੋਂ ਨੌਜਵਾਨਾਂ ਨੂੰ ਬਚਣ ਦੀ ਲੋੜ ਹੈ, ਇਹ ਪ੍ਰਗਟਾਵਾ ਸੱਚਦੇਵਾ ਸਟਾਕਸ ਦੇ ਐਮ.ਡੀ. ਪਰਮਜੀਤ ਸਿੰਘ ਸੱਚਦੇਵਾ ਨੇ ਸੀ.ਟੀ. ਗਰੁੱਪ ਦੇ ਮਕਸੂਦਾ ਕੈਂਪਸ, ਜਲੰਧਰ ਵਿਖੇ ਸ਼ੇਅਰ ਬਾਜ਼ਾਰ ਸਬੰਧੀ ਆਯੋਜਿਤ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਹ ਸੋਸ਼ਲ ਮੀਡੀਆ ਦਾ ਯੁੱਗ ਹੈ ਅਤੇ ਵੱਡੀ ਗਿਣਤੀ ਵਿੱਚ ਲੋਕ ਆਪਣੇ ਆਪ ਨੂੰ ਸ਼ੇਅਰ ਬਾਜ਼ਾਰ ਦੇ ਮਾਹਰ ਹੋਣ ਦਾ ਦਾਅਵਾ ਕਰ ਰਹੇ ਹਨ ਅਤੇ ਨੌਜਵਾਨਾਂ ਨੂੰ ਗਲਤ ਥਾਵਾਂ ’ਤੇ ਨਿਵੇਸ਼ ਕਰਨ ਲਈ ਗੁੰਮਰਾਹ ਕਰ ਰਹੇ ਹਨ, ਜਿਸ ਕਾਰਨ ਲੋਕਾਂ ਦਾ ਪੈਸਾ ਖਰਾਬ ਹੋ ਰਿਹਾ ਹੈ। ਪਰਮਜੀਤ ਸੱਚਦੇਵਾ ਨੇ ਅੱਗੇ ਕਿਹਾ ਕਿ ਸ਼ੇਅਰ ਬਾਜ਼ਾਰ ਵਿੱਚ ਵਧੇ ਦੀਆਂ ਬਹੁਤ ਸੰਭਾਵਨਾਵਾਂ ਹਨ, ਪਰ ਬਿਨਾਂ ਕਿਸੇ ਤਿਆਰੀ ਦੇ ਇਸ ਬਾਜ਼ਾਰ ਵਿੱਚ ਦਾਖਲ ਹੋਣ ਵਾਲੇ ਲਈ ਨੁਕਸਾਨ ਦਾ ਡਰ ਹਮੇਸ਼ਾ ਬਣਿਆ ਰਹੇਗਾ। ਇਸ ਮੌਕੇ ਪਰਮਜੀਤ ਸੱਚਦੇਵਾ ਨੇ ਨੌਜਵਾਨਾਂ ਨੂੰ ਸਟਾਕ ਬਾਜ਼ਾਰ ਦੀਆਂ ਪੇਚੀਦਗੀਆਂ ਤੋਂ ਜਾਣੂ ਕਰਵਾਇਆ ਅਤੇ ਇਹ ਵੀ ਦੱਸਿਆ ਕਿ ਕਿਵੇਂ ਕੰਪਨੀਆਂ ਦੀ ਚੋਣ ਕਰਕੇ ਅਤੇ ਉਨ੍ਹਾਂ ਵਿੱਚ ਨਿਵੇਸ਼ ਕਰਕੇ ਆਪਣੀ ਵਿੱਤੀ ਸਥਿਤੀ ਨੂੰ ਕਿਵੇਂ ਸੁਧਾਰਿਆ ਜਾ ਸਕਦਾ ਹੈ। ਪਰਮਜੀਤ ਸੱਚਦੇਵਾ ਨੇ ਕਿਹਾ ਕਿ ਮਿਉਚੁਅਲ ਫੰਡਾਂ ਵਿੱਚ ਹੌਲੀ-ਹੌਲੀ ਨਿਵੇਸ਼ ਇੱਕ ਦਿਨ ਤੁਹਾਡੀ ਆਮਦਨ ਦਾ ਇੱਕ ਪੱਕਾ ਸਰੋਤ ਬਣ ਜਾਂਦਾ ਹੈ, ਇਸ ਲਈ ਨੌਜਵਾਨ ਪੀੜ੍ਹੀ ਨੂੰ ਇੱਕ ਸੁਰੱਖਿਅਤ ਭਵਿੱਖ ਲਈ ਇਸ ਫੰਡ ਵਿੱਚ ਨਿਵੇਸ਼ ਕਰਨਾ ਸ਼ੁਰੂ ਕਰਨਾ ਚਾਹੀਦਾ ਹੈ। ਇਸ ਮੌਕੇ ਸੀ.ਟੀ. ਗਰੁੱਪ ਦੇ ਚੇਅਰਮੈਨ ਅਤੇ ਵਾਈਸ ਚਾਂਸਲਰ ਸੀ.ਟੀ. ਯੂਨੀਵਰਸਿਟੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਸਟਾਫ਼ ਵੱਲੋਂ ਪਰਮਜੀਤ ਸਿੰਘ ਸੱਚਦੇਵਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ, ਡਿਪਟੀ ਡਾਇਰੈਕਟਰ ਡਾ. ਰਮਨਦੀਪ ਕੌਰ, ਪ੍ਰਿੰਸੀਪਲ ਡਾ. ਅੰਜੂ ਸ਼ਰਮਾ, ਅਮਨਦੀਪ ਕੌਰ, ਰਿਲੇਸ਼ਨਸ਼ਿਪ ਮੈਨੇਜਰ ਸੱਚਦੇਵਾ ਸਟਾਕਸ ਵੀ ਮੌਜੂਦ ਸਨ।

# ਦਰੱਖਤ ਸਾਡੇ ਲਈ ਵਾਤਾਵਰਣ ਦੇ ਸੰਤੁਲਨ ਨੂੰ ਬਰਕਰਾਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ : ਸੰਤ ਸਤਰੰਜਨ ਸਿੰਘ ਧੁੱਗਿਆ ਵਾਲੇ

"Equality and justice" Patiala 08 August INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ 8 ਅਗਸਤ ( ਤਰਸੇਮ ਦੀਵਾਨਾ ) ਦਰੱਖਤ ਸਾਡੇ ਜੀਵਨ ਲਈ ਬਹੁਤ ਜ਼ਰੂਰੀ ਹਨ। ਦਰੱਖਤ ਸਾਨੂੰ ਮੁਫ਼ਤ ਵਿੱਚ ਆਕਸੀਜਨ ਪ੍ਰਦਾਨ ਕਰਦੇ ਹਨ, ਜਿਸ ਨਾਲ ਅਸੀਂ ਸਾਹ ਲੈ ਸਕਦੇ ਹਾਂ, ਅਤੇ ਹਵਾ ਵਿੱਚੋਂ ਕਾਰਬਨ ਡਾਈਆਕਸਾਈਡ ਵਰਗੀਆਂ ਹਾਨੀਕਾਰਕ ਗੈਸਾਂ ਨੂੰ ਆਪਣੇ ਵਿੱਚ ਸੋਖ ਕੇ ਹਵਾ ਨੂੰ ਸਾਫ਼ ਵੀ ਕਰਦੇ ਹਨ। ਇਸ ਕਾਰਨ ਇਹਨਾਂ ਨੂੰ ਧਰਤੀ ਦੇ ਫੇਫੜੇ ਕਿਹਾ ਜਾਂਦਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਨਜ਼ਦੀਕੀ ਪਿੰਡ ਧੁੱਗਾ ਕਲਾਂ ਦੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਸਤਰੰਜਨ ਸਿੰਘ ਜੀ ਧੁੱਗਿਆ ਵਾਲਿਆ ਨੇ ਇੱਕ ਪ੍ਰੈਸ ਵਾਰਤਾ ਦੌਰਾਨ ਸਾਡੇ ਪੱਤਰਕਾਰ ਨਾਲ ਕੀਤਾ। ਉਹਨਾਂ ਕਿਹਾ ਕਿ ਪੌਦੇ ਵਾਤਾਵਰਣ ਦੇ ਸੰਤੁਲਨ ਨੂੰ ਬਰਕਰਾਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਦਰੱਖਤ ਮਿੱਟੀ ਦੇ ਕਟਾਅ ਨੂੰ ਰੋਕਦੇ ਹਨ ਅਤੇ ਜਲ ਚੱਕਰ ਨੂੰ ਨਿਯਮਿਤ ਕਰਦੇ ਹਨ, ਅਤੇ ਮੌਸਮੀ ਬਦਲਾਵਾਂ ਦੇ ਪ੍ਰਭਾਵਾਂ ਨੂੰ ਘਟਾਉਣ ਵਿੱਚ ਮਦਦ ਕਰਦੇ ਹਨ। ਉਹਨਾਂ ਕਿਹਾ ਕਿ ਦਰੱਖਤਾ ਦੀਆਂ ਜੜ੍ਹਾਂ ਮਿੱਟੀ ਨੂੰ ਬੰਨ੍ਹ ਕੇ ਰੱਖਦੀਆਂ ਹਨ, ਜਿਸ ਨਾਲ ਬਰਸਾਤ ਅਤੇ ਭੂਚ ਖਲਨ ਦਾ ਖਤਰਾ ਘੱਟਦਾ ਹੈ ਅਤੇ ਨਾਲ ਹੀ, ਇਹ ਬੱਦਲਾਂ ਦੇ ਬਣਨ ਵਿੱਚ ਸਹਾਇਤਾ ਕਰਦੇ ਹਨ ਅਤੇ ਮੀਂਹ ਨੂੰ ਆਕਰਸ਼ਿਤ ਕਰਦੇ ਹਨ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ, ਦਰੱਖਤ ਅਨੇਕ ਜੀਵਾਂ ਲਈ ਆਵਾਸ ਪ੍ਰਦਾਨ ਕਰਦੇ ਹਨ। ਚਿੜੀਆਂ ਤੋਂ ਲੈ ਕੇ ਕੀੜੇ ਅਤੇ ਛੋਟੇ ਸਤਨਾਧਾਰੀ ਤੱਕ, ਕਈ ਪ੍ਰਜਾਤੀਆਂ ਦਰੱਖਤਾਂ ਤੇ ਨਿਰਭਰ ਹਨ। ਉਹਨਾਂ ਕਿਹਾ ਕਿ ਇਹ ਸਾਨੂੰ ਭੋਜਨ, ਦਵਾਈ, ਲੱਕੜ ਅਤੇ ਹੋਰ ਕਈ ਲਾਭਦਾਇਕ ਚੀਜ਼ਾਂ ਵੀ ਦਿੰਦੇ ਹਨ। ਫਲ, ਸਬਜ਼ੀਆਂ, ਅਨਾਜ- ਇਹ ਸਾਰੇ ਪੌਦਿਆਂ ਤੋਂ ਹੀ ਮਿਲਦੇ ਹਨ, ਜੋ ਸਾਡੇ ਰੋਜ਼ਾਨਾ ਦੇ ਜੀਵਨ ਦਾ ਅਨਿੱਖੜਵਾਂ ਹਿੱਸਾ ਹਨ। ਪਰ ਇਨਸਾਨ ਆਪਣੇ ਥੋੜੇ ਜਿਹੇ ਫਾਇਦੇ ਲਈ ਅਤੇ ਤਰੱਕੀ ਦੀ ਚਾਹ ਵਿੱਚ ਐਨਾ ਅੰਨਾ ਹੋ ਗਿਆ ਹੈ ਕੇ ਉਹ ਆਪਣੀ ਹਰੀ ਭਰੀ ਧਰਤੀ ਨੂੰ ਦਰਖਤਾਂ ਦੀ ਕਟਾਈ ਕਰਕੇ ਉਜਾੜ ਬਣਾਉਣ ਵਿੱਚ ਲੱਗਾ ਹੋਇਆ ਹੈ। ਦਰੱਖਤਾ ਦੀ ਕਟਾਈ ਕਰਨ ਨਾਲ ਪ੍ਰਦੂਸ਼ਣ, ਧਰਤੀ ਹੇਠਲੇ ਪਾਣੀ ਦਾ ਘੱਟਣਾ, ਮੌਸਮ ਵਿਚ ਬਦਲਾਅ,ਹੜ੍ਹ ਭੁਚਾਲ ਅਤੇ ਹੋਰ ਵੀ ਅਨੇਕਾਂ ਮੁਸੀਬਤਾਂ ਦਾ ਸਾਹਮਣਾ ਕਰਨ ਲਈ ਮਨੁੱਖ ਦਰੱਖਤਾਂ ਦੀ ਕਟਾਈ ਕਰ ਰਿਹਾ ਹੈ ਪਰ ਇਨਸਾਨ ਅੱਜ ਵੀ ਆਪਣੇ ਹਸਰ ਤੋਂ ਅਨਜਾਣ ਹੈ।

# ਇਟਲੀ ਦੇ ਸਾਥੀਆਂ ਵਲੋਂ ਬਸਪਾ ਆਗੂ ਪ੍ਰਵੀਨ ਬੰਗਾ ਦਾ ਸਨਮਾਨ

## ਉੱਘੇ ਗੀਤਕਾਰ ਕੁਲਵਿੰਦਰ ਕਿੰਦਾ ਜੀ ਇਟਲੀ ਦਾ ਬੰਗਾ ਹਲਕੇ ਦੀ ਲੀਡਰਸ਼ਿਪ ਵਲੋਂ ਸਨਮਾਨ ਕੀਤਾ

"Equality and justice" Patiala 08 August INTERNATIONAL PAPER, 9463601616 hardipchumber57@gmail.com







ਮੁਕੰਦਪੁਰ ਬੰਗਾ 8 ਅਗਸਤ ( ਚਰਨਜੀਤ ਸੱਲ੍ਹਾਂ ) ਬੰਗਾ ਹਲਕੇ ਦੇ ਪਿੰਡ ਚਾਹਲ ਕਲਾਂ ਦੇ ਵਿਦੇਸ਼ਾਂ ਵਿੱਚ ਵੀ ਗੁਰੂ ਰਵਿਦਾਸ ਮਹਾਰਾਜ ਜੀ ਤੇ ਮਹਾਂਪੁਰਸ਼ਾ ਦੇ ਅੰਦੋਲਨ ਨੂੰ ਸਮਰਪਿਤ ਵਿਦੇਸ਼ਾ ਵਿੱਚ ਵੀ ਨਿਰੰਤਰ ਸਹਿਯੋਗੀ ਸਾਥੀ ਉੱਘੇ ਗੀਤਕਾਰ ਕੁਲਵਿੰਦਰ ਕਿੰਦਾ ਜੀ ਇਟਲੀ ਦਾ ਬੰਗਾ ਹਲਕੇ ਵਲੋਂ ਬਸਪਾ ਪੰਜਾਬ ਦੇ ਜਨਰਲ ਸਕੱਤਰ ਪ੍ਰਵੀਨ ਬੰਗਾ ਜੋਨ ਇੰਚਾਰਜ ਲੁਧਿਆਣਾ ਹਲਕੇ ਦੇ ਪ੍ਰਧਾਨ ਮਾਸਟਰ ਸਤਪਾਲ ਰਟੈਂਡਾ ਜੀ ਜਿਲਾ ਇੰਚਾਰਜ ਮਨੋਹਰ ਕਮਾਮ, ਬਹੁਜਨ ਸਭਿਆਚਾਰਕ ਮੰਚ ਪੰਜਾਬ ਦੇ ਇੰਚਾਰਜ ਰੂਪ ਲਾਲ ਧੀਰ ਸੀਨੀਅਰ ਆਗੂ ਬਹੁਜਨ ਸਮਾਜ ਪਾਰਟੀ ਜਿਲੇ ਦੇ ਜਥੇਬੰਦਕ ਸਕਤਰ ਵਿਜੇ ਕੁਮਾਰ ਗੁਣਾਚੌਰ ਜੀ ਜਿਲਾ ਸਕੱਤਰ ਸੋਮ ਨਾਥ ਰਟੈਂਡਾ ਨੇ ਮੁਕੰਦਪੁਰ ਵਿਖੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਮੁੱਖ ਰਖਦੇ ਹੋਏ ਨੀਲੇ ਸਰੋਪੇ ਨਾਲ ਲੀਡਰਸ਼ਿਪ ਨੇ ਸਨਮਾਨ ਕੀਤਾ ਤੇ ਵਿਚਾਰ ਵਿਟਾਂਦਰਾ ਕਰਦੇ ਹੋਏ ਬਸਪਾ ਆਗੂ ਪ੍ਰਵੀਨ ਬੰਗਾ ਨੇ ਵਿਦੇਸ਼ ਵਿੱਚ ਬੈਠੇ ਸਮਾਜ ਦੇ ਚਿੰਤਕਾਂ ਨੂੰ ਸਾਹਿਬ ਕਾਂਸ਼ੀ ਰਾਮ ਜੀ ਵਲੋਂ ਗਰੀਬ ਲੋਕਾਂ ਦੀਆਂ ਮੁਸ਼ਕਲਾਂ ਗੁਲਾਮੀ ਨੂੰਖਤਮ ਕਰਨ ਲਈ ਦੇਸ਼ ਭਰ ਵਿੱਚ ਸ਼ੁਰੂ ਕੀਤੇ ਰਾਜਨੀਤਕ ਤੇ ਸਮਾਜਿਕ ਪਰਿਵਰਤਨ ਦੀ ਲਹਿਰ ਹੇਠ ਬਹੁਜਨ ਸਮਾਜ ਨੂੰ ਸ਼ਾਸਕ ਬਣਾਉਣ ਦੇ ਉਦੇਸ਼ ਲਈ ਬਸਪਾ ਵਲੋਂ ਨਸ਼ਾ ਮਾਫੀਆ ਤੇ ਪੰਜਾਬ ਵਿਰੋਧੀ ਨੀਤੀਆਂ ਦੇ ਖਿਲਾਫ਼ ਸ਼ੁਰੂ ਕੀਤੀ ਪੰਜਾਬ ਸੰਭਾਲੋ ਮੁਹਿੰਮ ਦੀ ਧਮਕ ਹੁਣ ਵਿਦੇਸ਼ ਵਿੱਚ ਨਜਰ ਆ ਰਹੀ ਹੈ ਇਸ ਮੁਹਿੰਮ ਨੂੰ ਜਨਤਕ ਅੰਦੋਲਨ ਬਣਾਉਣ ਲਈ ਵਿਦੇਸ਼ ਵਿੱਚ ਬੈਠੇ ਭੈਣਾ ਭਰਾਵਾਂ ਤੇ ਨੌਜਵਾਨਾਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਇਸ ਮੌਕੇ ਤੇ ਬਸਪਾ ਦੇ ਟਕਸਾਲੀ ਦ੍ਰਿੜਤਾ ਨਾਲ ਬਸਪਾ ਨੂੰ ਮਜ਼ਬੂਤ ਕਰਨ ਵਿੱਚ ਇਲਾਕੇ ਤੇ ਪੰਜਾਬ ਭਰ ਵਿੱਚ ਸੰਘਰਸ਼ੀਲ ਪਰਵੀਨ ਬੰਗਾ ਜੀ ਦਾ ਵਿਸ਼ੇਸ਼ ਤੌਰ ਤੇ ਇਟਲੀ ਦੇ ਸਾਥੀਆਂ ਵਲੋਂ ਕੁਲਵਿੰਦਰ ਕਿੰਦਾ ਜੀ ਵਲੋਂ ਸਨਮਾਨ ਕੀਤਾ ਤੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਸੁਪਨਿਆਂ ਦਾ ਬੇਗਮਪੁਰ ਬਣਾਉਣ ਲਈ ਸਹਿਯੋਗ ਦੇਣ ਦਾ ਭਰੋਸਾ ਦਿੱਤਾ

# ਨਸ਼ਾ ਤਸਕਰੀ ਮਾਮਲੇ ‘ਚ ਪੰਜਾਬ ਪੁਲਿਸ ਦੇ ਦੋ ਮੁਲਾਜ਼ਮ ਚਿੱਟੇ ਸਮੇਤ ਗ੍ਰਿਫ਼ਤਾਰ

"Equality and justice" Patiala 08 August INTERNATIONAL PAPER, 9463601616 hardipchumber57@gmail.com

ਨਸ਼ਾ ਤਸਕਰੀ ਮਾਮਲੇ ਵਿੱਚ ਪੰਜਾਬ ਪੁਲਿਸ ਦੇ ਦੋ ਮੁਲਾਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਚਿੱਟੇ ਸਮੇਤ ਫੜੇ ਗਏ ਦੋਵੇਂ ਮੁਲਜ਼ਮ ਕਾਂਸਟੇਬਲ ਹਨ ਅਤੇ ਪੀਏਪੀ, ਜਲੰਧਰ ਵਿੱਚ ਤਾਇਨਾਤ ਸਨ।

